सत्यमेव जयते

ਪੰਜਾਬ ਦੇ ਰਾਜਪਾਲ

# ਸ਼੍ਰੀ ਬਨਵਾਰੀਲਾਲ ਪੁਰੋਹਿਤ

ਵੱਲੋਂ

**ਵਿਧਾਨ ਸਭਾ**

ਵਿੱਚ

ਮਿਤੀ 03 ਮਾਰਚ, 2023 ਦਿਨ ਸ਼ੁੱਕਰਵਾਰ

ਨੂੰ ਦਿੱਤਾ ਗਿਆ

# ਭਾਸ਼ਣ

ਮਾਨਯੋਗ ਸਪੀਕਰ ਸਾਹਿਬ ਅਤੇ ਸਤਿਕਾਰਯੋਗ ਮੈਂਬਰ ਸਾਹਿਬਾਨ ਜੀ,

ਮੈਨੂੰ 16ਵੀਂ ਪੰਜਾਬ ਵਿਧਾਨ ਸਭਾ ਦੇ ਚੌਥੇ ਸੈਸ਼ਨ ਦੇ ਪਹਿਲੇ ਦਿਨ ਇਸ ਅਜ਼ੀਮ ਸਦਨ ਵਿੱਚ ਦੁਬਾਰਾ ਤੁਹਾਡੇ ਵਿਚਕਾਰ ਆ ਕੇ ਖੁਸ਼ੀ ਮਹਿਸੂਸ ਹੋ ਰਹੀ ਹੈ। ਇਹ ਜਾਣ ਕੇ ਖੁਸ਼ੀ ਹੋ ਰਹੀ ਹੈ ਕਿ ਤੁਹਾਡੇ ਸਾਰਿਆਂ ਦੇ ਸਹਿਯੋਗ ਨਾਲ ਮੇਰੀ ਸਰਕਾਰ ਆਉਣ ਵਾਲੇ ਦਿਨਾਂ ਵਿੱਚ ਸਫਲਤਾਪੂਰਵਕ ਆਪਣਾ ਪਹਿਲਾ ਸਾਲ ਪੂਰਾ ਕਰਨ ਜਾ ਰਹੀ ਹੈ। ਇਸ ਯਾਤਰਾ ਦੌਰਾਨ, ਮੇਰੀ ਸਰਕਾਰ ਨੇ ਪੰਜਾਬ ਦੇ ਮਾਣ ਨੂੰ ਮੁੜ ਬਹਾਲ ਕਰਨ ਲਈ ਪੂਰੀ ਵਾਹ ਲਾਈ ਹੈ। ਜਿਵੇਂ ਕਿ ਪੰਜਾਬ ਦੇ ਲੋਕਾਂ ਨੇ ਪਹਿਲੀ ਵਾਰ ਮੇਰੀ ਸਰਕਾਰ ਨੂੰ, ਉਨ੍ਹਾਂ ਦੀ ਸੇਵਾ ਕਰਨ ਦਾ ਮੌਕਾ ਦਿੱਤਾ, ਅਸੀਂ ਗੰਭੀਰ ਵਿੱਤੀ ਮੁਸ਼ਕਲਾਂ ਦੇ ਬਾਵਜੂਦ ਆਪਣੇ ਸਾਰੇ ਵਾਅਦੇ ਪੂਰੇ ਕਰਨ ਦੇ ਉਦੇਸ਼ ਨਾਲ ਸ਼ੁਰੂਆਤ ਕੀਤੀ।

1. ਮੇਰੀ ਸਰਕਾਰ ਦਾ ਉਦੇਸ਼ ਆਪਣੇ ਲੋਕਾਂ ਨੂੰ ਪਾਰਦਰਸ਼ੀ ਸ਼ਾਸਨ ਪ੍ਰਦਾਨ ਕਰਨਾ ਹੈ ਅਤੇ ਇਸ ਲਈ ਮੇਰੀ ਸਰਕਾਰ ਨੇ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਹੈ। ਸੂਬੇ ਵਿੱਚੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਮੇਰੀ ਸਰਕਾਰ ਨੇ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਨੰਬਰ 95012-00200 ਸ਼ੁਰੂ ਕੀਤਾ ਹੈ। ਵਿਜੀਲੈਂਸ ਬਿਊਰੋ, ਪੰਜਾਬ ਨੇ 16.03.2022 ਤੋਂ 28.02.2023 ਤੱਕ ਦੇ ਸਮੇਂ ਦੌਰਾਨ 06 ਗਜ਼ਟਿਡ ਅਫਸਰਾਂ, 79 ਨਾਨ-ਗਜ਼ਟਿਡ ਅਫਸਰਾਂ ਅਤੇ 22 ਪ੍ਰਾਈਵੇਟ ਵਿਅਕਤੀਆਂ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ, 1988 ਦੀਆਂ ਵੱਖ-ਵੱਖ ਧਾਰਾਵਾਂ ਤਹਿਤ 83 ਟਰੈਪ ਕੇਸ ਦਰਜ ਕੀਤੇ

ਹਨ, ਜੋ ਗੈਰ-ਕਾਨੂੰਨੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਫੜੇ ਗਏ ਸਨ। 50 ਵਿਜੀਲੈਂਸ ਪੜਤਾਲਾਂ ਦਾ ਨਬੇੜਾ ਕੀਤਾ।

2. ਮੇਰੀ ਸਰਕਾਰ ਰਾਜ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਲਈ ਵਚਨਬੱਧ ਹੈ। ਆਪਣੀ ਵਚਨਬੱਧਤਾ ਨੂੰ ਪੂਰਾ ਕਰਨ ਲਈ, ਮੇਰੀ ਸਰਕਾਰ ਨੇ ਪਿਛਲੇ 1 ਸਾਲ ਵਿੱਚ ਕਈ "ਨਿਯੁਕਤੀ ਪੱਤਰ ਵੰਡ ਸਮਾਰੋਹ" ਦਾ ਆਯੋਜਨ ਕੀਤਾ ਗਿਆ ਹੈ, ਜਿਸ ਦੇ ਤਹਿਤ ਯੋਗ ਲਾਭਪਾਤਰੀਆਂ ਨੂੰ 26,797 ਨਿਯੁਕਤੀ ਪੱਤਰ ਵੰਡੇ ਜਾ ਚੁੱਕੇ ਹਨ।

3. ਮੇਰੀ ਸਰਕਾਰ ਦਾ ਵਿਸ਼ਵਾਸ਼ ਹੈ ਕਿ 'ਸਿਹਤ' ਅਤੇ 'ਸਿੱਖਿਆ' ਮਨੁੱਖੀ ਅਤੇ ਸਮਾਜਿਕ ਵਿਕਾਸ ਦੇ ਥੰਮ੍ਹ ਹਨ ਅਤੇ ਇਹ ਇਨ੍ਹਾਂ ਦੋ ਮਹੱਤਵਪੂਰਨ ਖੇਤਰਾਂ ਨੂੰ ਮਜ਼ਬੂਤ ਕਰਨ ਅਤੇ ਇਨ੍ਹਾਂ ਦਾ ਵਿਸਥਾਰ ਕਰਨ ਲਈ ਵਚਨਬੱਧ ਹੈ। ਮੇਰੀ ਸਰਕਾਰ ਰਾਜ ਦੇ ਸਾਰੇ ਉਪ-ਕੇਂਦਰਾਂ ਅਤੇ ਪੀ.ਐਚ.ਸੀ ਨੂੰ 'ਸਿਹਤ ਅਤੇ ਤੰਦਰੁਸਤੀ ਕੇਂਦਰਾਂ' ਵਜੋਂ ਅਪਗ੍ਰੇਡ ਕਰ ਰਹੀ ਹੈ ਤਾਂ ਜੋ ਮਰੀਜ਼ਾਂ ਨੂੰ ਉਨ੍ਹਾਂ ਦੇ ਘਰਾਂ ਤੱਕ, ਖਾਸ ਕਰਕੇ ਪੇਂਡੂ ਖੇਤਰਾਂ ਵਿੱਚ, ਮਿਆਰੀ ਸਿਹਤ ਸੇਵਾਵਾਂ ਪ੍ਰਾਪਤ ਹੋ ਸਕਣ। ਸੂਬੇ ਵਿੱਚ ਹੁਣ ਤੱਕ 3030 ਅਜਿਹੇ 'ਸਿਹਤ ਅਤੇ ਤੰਦਰੁਸਤੀ ਕੇਂਦਰ' ਸ਼ੁਰੂ ਕੀਤੇ ਜਾ ਚੁੱਕੇ ਹਨ।

4. ਮੇਰੀ ਸਰਕਾਰ ਨੇ ਸੂਬੇ ਦੇ ਲੋਕਾਂ ਨਾਲ ਕੀਤੇ ਵਾਅਦੇ ਅਨੁਸਾਰ ਸੂਬੇ ਭਰ ਵਿੱਚ 'ਆਮ ਆਦਮੀ ਕਲੀਨਿਕ' ਸ਼ੁਰੂ ਕੀਤੇ ਹਨ। ਰਾਜ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਕੁੱਲ 504 'ਆਮ ਆਦਮੀ ਕਲੀਨਿਕ' ਅਰੰਭ ਕੀਤੇ ਗਏ ਹਨ, ਜਿੱਥੇ ਲੋਕ ਮੁਫਤ ਓ.ਪੀ.ਡੀ. ਦੀ

ਸੁਵਿਧਾ ਦਾ ਲਾਭ ਉਠਾ ਰਹੇ ਹਨ ਅਤੇ ਮੁਫਤ ਡਾਇਗਨੌਸਟਿਕ ਟੈਸਟ ਕਰਵਾ ਰਹੇ ਹਨ। ਮੈਂ ਮਾਣ ਨਾਲ ਘੋਸ਼ਣਾ ਕਰਦਾ ਹਾਂ ਕਿ ਸਾਡਾ ਰਾਜ ਐੱਚ ਐਮ ਆਈ ਐੱਸ ਡੇਟਾ ਦੇ ਅਨੁਸਾਰ 99.24% ਸੰਸਥਾਗਤ ਸਪੁਰਦਗੀ ਦੇ ਨਾਲ 3 ਸਿਖਰਲੇ ਰੈਂਕਿੰਗ ਵਾਲੇ ਰਾਜਾਂ ਵਿੱਚੋਂ ਇੱਕ ਹੈ। ਰਾਜ ਵਿੱਚ ਨਵੇਂ ਜਨਮੇਂ ਬੱਚਿਆਂ ਦੀ ਮੌਤ ਦਰ ਪ੍ਰਤੀ ਹਜ਼ਾਰ 18 ਤੱਕ ਹੇਠਾਂ ਆਈ ਹੈ। ਮੇਰੀ ਸਰਕਾਰ ਨੇ ਰਾਜ ਦੇ ਵਸਨੀਕਾਂ ਨੂੰ ਵਿਸ਼ੇਸ਼ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਮਾਹਿਰ ਡਾਕਟਰਾਂ ਲਈ ਇੱਕ ਵਿਸ਼ੇਸ਼ ਭਰਤੀ ਮੁਹਿੰਮ ਸ਼ੁਰੂ ਕੀਤੀ ਹੈ। ਮੈਨੂੰ ਇਹ ਦੱਸਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਇਸ ਮੁਹਿੰਮ ਤਹਿਤ 271 ਮਾਹਿਰ ਡਾਕਟਰਾਂ ਦੀ ਭਰਤੀ ਕੀਤੀ ਗਈ ਹੈ।

5. ਮੇਰੀ ਸਰਕਾਰ ਸੂਬੇ ਵਿੱਚ ਸਿੱਖਿਆ ਦੇ ਵਿਕਾਸ ਲਈ ਵਚਨਬੱਧ ਹੈ। ਵਿੱਤੀ ਮੁਸ਼ਕਲਾਂ ਦੇ ਬਾਵਜੂਦ, ਮੇਰੀ ਸਰਕਾਰ ਨੇ ਵਿਦਿਅਕ ਸੰਸਥਾਵਾਂ ਨੂੰ ਫੰਡ ਵੰਡਣ ਵਿੱਚ ਖੁੱਲ੍ਹ-ਦਿਲੀ ਦਿਖਾਈ ਹੈ। ਰਾਜ ਦੇ ਸਾਰੇ ਸਰਕਾਰੀ ਆਰਟਸ ਕਾਲਜਾਂ ਲਈ ਕੁੱਲ 152.37 ਕਰੋੜ ਰੁਪਏ, ਵੋਕੇਸ਼ਨਲ ਕਾਲਜਾਂ ਲਈ 8.68 ਕਰੋੜ ਰੁਪਏ, 15 ਜ਼ਿਲ੍ਹਾ ਲਾਇਬ੍ਰੇਰੀਆਂ ਲਈ 2.92 ਕਰੋੜ ਰੁਪਏ ਅਤੇ ਗੈਰ-ਸਰਕਾਰੀ ਕਾਲਜਾਂ ਲਈ 285.00 ਕਰੋੜ ਰੁਪਏ ਦਾ ਕੁੱਲ ਬਜਟ ਰੱਖਿਆ ਗਿਆ ਹੈ। ਮੇਰੀ ਸਰਕਾਰ ਨੇ ਯੂਨੀਵਰਸਿਟੀ ਅਤੇ ਕਾਲਜ ਅਧਿਆਪਕਾਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਨੂੰ ਸਵੀਕਾਰ ਕਰ ਲਿਆ ਹੈ ਅਤੇ 7ਵਾਂ ਤਨਖਾਹ ਕਮਿਸ਼ਨ ਲਾਗੂ ਕਰ ਦਿੱਤਾ ਹੈ, ਜਿਸ ਨਾਲ ਮੌਜੂਦਾ ਸਰਕਾਰ ਤੇ ਪ੍ਰਤੀ ਸਾਲ 228.05 ਕਰੋੜ ਰੁਪਏ (ਲਗਭਗ) ਦਾ ਵਾਧੂ ਵਿੱਤੀ ਬੋਝ ਪਵੇਗਾ।

6. ਮੇਰੀ ਸਰਕਾਰ ਨੇ ਜਨਰਲ ਕੈਟਾਗਰੀ ਦੇ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਪ੍ਰੀਖਿਆ ਫੀਸ ਵਿੱਚ ਰਿਆਇਤ ਦੇਣ ਲਈ ਮੁੱਖ ਮੰਤਰੀ ਸਕਾਲਰਸ਼ਿਪ ਤਹਿਤ 30.00 ਕਰੋੜ ਰੁਪਏ ਅਲਾਟ ਕੀਤੇ ਹਨ। ਰਾਜ ਦੇ ਕਾਲਜਾਂ ਵਿੱਚ ਅਧਿਆਪਕਾਂ ਦੀ ਵੱਡੀ ਘਾਟ ਨੂੰ ਪੂਰਾ ਕਰਨ ਲਈ, ਮੇਰੀ ਸਰਕਾਰ ਨੇ ਸਰਕਾਰੀ ਕਾਲਜਾਂ ਵਿੱਚ ਵਿਜ਼ਿਟਿੰਗ ਫੈਕਲਟੀ ਨਿਯੁਕਤ ਕਰਨ ਦੀ ਇਜਾਜ਼ਤ ਦੇਣ ਦਾ ਫੈਸਲਾ ਕੀਤਾ ਹੈ। ਵਿਜ਼ਿਟਿੰਗ ਫੈਕਲਟੀ ਨੂੰ ਸ਼ਹਿਰੀ ਕਾਲਜਾਂ ਵਿੱਚ ਪ੍ਰਤੀ ਇੱਕ ਘੰਟੇ ਦੇ ਲੈਕਚਰ ਲਈ 750 ਰੁਪਏ ਅਤੇ ਪੇਂਡੂ ਕਾਲਜਾਂ ਵਿੱਚ ਪ੍ਰਤੀ ਲੈਕਚਰ 850 ਰੁਪਏ ਦਿੱਤੇ ਜਾਣਗੇ। ਸਰਕਾਰੀ ਕਾਲਜਾਂ ਵਿੱਚ ਗੈਸਟ ਫੈਕਲਟੀ ਦੇ ਤਜ਼ਰਬੇ ਦੇ ਆਧਾਰ ਤੇ ਉਨ੍ਹਾਂ ਦੀ ਤਨਖਾਹ 21,600 ਰੁਪਏ ਪ੍ਰਤੀ ਮਹੀਨਾ ਤੋਂ ਵਧਾ ਕੇ 33,600 ਰੁਪਏ ਤੋਂ 47100 ਰੁਪਏ ਤੱਕ ਪ੍ਰਤੀ ਮਹੀਨਾ ਕਰ ਦਿੱਤੀ ਗਈ ਹੈ।

7. ਰਾਜ ਵਿੱਚ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਲਈ, ਮੇਰੀ ਸਰਕਾਰ ਨੇ ਸਕੂਲੀ ਸਿੱਖਿਆ ਵਿੱਚ ਕੰਮ ਕਰ ਰਹੇ ਐਡਹਾਕ, ਠੇਕੇ, ਅਸਥਾਈ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਦੀ ਭਲਾਈ ਲਈ ਇੱਕ ਨੀਤੀ ਅਧਿਸੂਚਿਤ ਕੀਤੀ ਹੈ। ਇਸ ਨੀਤੀ ਦੇ ਤਹਿਤ, ਹੁਣ ਤੱਕ ਉਮੀਦਵਾਰਾਂ ਦੀਆਂ ਸੇਵਾਵਾਂ ਨੂੰ ਨਿਯਮਤ ਕਰਨ ਲਈ 13,769 ਬਿਨੈ-ਪੱਤਰ ਪ੍ਰਾਪਤ ਹੋਏ ਹਨ। ਸਰਕਾਰੀ ਸਕੂਲਾਂ ਲਈ ਹੁਣ ਤੱਕ ਟੀਚਿੰਗ ਕਾਡਰ ਦੀਆਂ 8,798 ਨਿਯੁਕਤੀਆਂ ਕੀਤੀਆਂ ਜਾ ਚੁੱਕੀਆਂ ਹਨ।

8. ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਸਕੂਲੀ ਮਾਹੌਲ ਨੂੰ ਸੁਖਾਵਾਂ ਬਣਾਉਣ ਲਈ 141.14 ਕਰੋੜ ਰੁਪਏ ਦੇ ਬਜਟ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਨਾਲ ਸਕੂਲ ਦੀ ਸਫਾਈ, ਸੁਰੱਖਿਆ ਅਤੇ ਸੰਪਤੀਆਂ ਦੇ ਪ੍ਰਬੰਧਨ ਨੂੰ ਕੈਂਪਸ ਪ੍ਰਬੰਧਕਾਂ ਦੁਆਰਾ ਪ੍ਰਭਾਵਸ਼ਾਲੀ ਢੰਗ ਨਾਲ ਸੰਭਾਲਿਆ ਜਾਣਾ ਯਕੀਨੀ ਬਣਾਇਆ ਜਾਵੇਗਾ, ਜਿਸ ਨਾਲ ਸਕੂਲ ਦੇ ਪ੍ਰਿੰਸੀਪਲ ਆਪਣੇ ਪ੍ਰਬੰਧਕੀ ਅਤੇ ਅਕਾਦਮਿਕ ਫਰਜ਼ਾਂ ਤੇ ਧਿਆਨ ਕੇਂਦਰਿਤ ਕਰ ਸਕਣਗੇ।

9. ਮੇਰੀ ਸਰਕਾਰ ਨੇ 21 ਜਨਵਰੀ, 2023 ਨੂੰ ਇੱਕ ਫਲੈਗਸ਼ਿਪ ਪ੍ਰੋਗਰਾਮ - 'ਸਕੂਲਜ਼ ਆਫ਼ ਐਮੀਨੈਂਸ' ਦੀ ਸ਼ੁਰੂਆਤ ਕੀਤੀ ਹੈ। 117 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਨੂੰ 'ਸਕੂਲਜ਼ ਆਫ਼ ਐਮੀਨੈਂਸ' ਵਿੱਚ ਤਬਦੀਲ ਕਰਨ ਲਈ ਚੁਣਿਆ ਗਿਆ ਹੈ, ਜੋ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਦੀਆਂ ਲੋੜਾਂ ਨੂੰ ਪੂਰਾ ਕਰਨਗੇ। ਇਹ ਸਕੂਲ ਸਮਰਥਨ ਅਤੇ ਮਜ਼ਬੂਤੀ ਦੇ ਪੰਜ ਥੰਮ੍ਹਾਂ, ਜਿਵੇਂ ਕਿ ਬੁਨਿਆਦੀ ਢਾਂਚਾ, ਸਿੱਖਿਆ, ਮਨੁੱਖੀ ਸਰੋਤ ਪ੍ਰਬੰਧਨ, ਖੇਡਾਂ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਅਤੇ ਭਾਈਚਾਰਕ ਸ਼ਮੂਲੀਅਤ ਦੇ ਅਧਾਰ ਤੇ ਬਣਾਏ ਜਾਣਗੇ। ਇਸ ਤੋਂ ਇਲਾਵਾ, ਇਹ ਸਕੂਲ ਉੱਚ ਸਿੱਖਿਆ, ਰੁਜ਼ਗਾਰ ਅਤੇ ਸਿਖਲਾਈ ਆਦਿ ਲਈ ਮੁੱਲਵਾਨ ਵਿਅਕਤੀਗਤ ਸੰਭਾਵਨਾਵਾਂ ਅਤੇ ਹੁਨਰਾਂ ਨੂੰ ਨਿਖਾਰਨ ਦੇ ਮੌਕੇ ਦੇਣਗੇ।

10. ਸਕੂਲ ਸਿੱਖਿਆ ਵਿਭਾਗ ਵਿੱਚ ਵੱਖ-ਵੱਖ ਪੱਧਰਾਂ ਤੇ ਕੰਮ ਕਰ ਰਹੇ ਅਧਿਆਪਕਾਂ, ਸਕੂਲ ਮੁਖੀਆਂ ਅਤੇ ਵਿਦਿਅਕ ਪ੍ਰਸ਼ਾਸਕਾਂ ਨੂੰ ਵਿਸ਼ਵ ਪੱਧਰੀ ਸਿਖਲਾਈ ਪ੍ਰਦਾਨ ਕਰਨ ਲਈ ਇੱਕ ਅੰਤਰ-ਰਾਸ਼ਟਰੀ ਸਿੱਖਿਆ ਮਾਮਲਿਆਂ ਦੇ ਸੈੱਲ (ਆਈ.ਈ.ਏ.ਸੀ) ਦੀ ਸਥਾਪਨਾ ਕੀਤੀ ਗਈ ਹੈ। ਸਿਖਿਆਰਥੀਆਂ ਦਾ ਪਹਿਲਾ ਬੈਚ ਜਿਸ ਵਿੱਚ 36 ਪ੍ਰਿੰਸੀਪਲ/ਸਿੱਖਿਆ ਅਫਸਰ ਸ਼ਾਮਲ ਹਨ, ਨੂੰ 05.02.2023 ਤੋਂ 11.02.2023 ਤੱਕ 5 ਦਿਨਾਂ ਲੀਡਰਸ਼ਿਪ ਡਿਵੈਲਪਮੈਂਟ ਪ੍ਰੋਗਰਾਮ ਲਈ ਪ੍ਰਿੰਸੀਪਲ ਅਕੈਡਮੀ, ਸਿੰਗਾਪੁਰ ਵਿੱਚ ਭੇਜਿਆ ਗਿਆ ਹੈ।

11. 'ਭਾਰਤ ਦਾ ਅੰਨਦਾਤਾ' ਵਜੋਂ ਜਾਣੇ ਜਾਂਦੇ ਪੰਜਾਬ ਵਰਗੇ ਖੇਤੀ ਪ੍ਰਧਾਨ ਰਾਜ ਲਈ ਬਿਜਲੀ ਸਭ ਤੋਂ ਜ਼ਰੂਰੀ ਹੈ। ਪੰਜਾਬ ਨੇ ਇੱਕ ਕਰੋੜ ਤੋਂ ਵੱਧ ਖਪਤਕਾਰਾਂ ਨੂੰ 24x7 ਬਿਜਲੀ ਦੀ ਸਪਲਾਈ ਯਕੀਨੀ ਬਣਾਈ ਹੈ। ਇਸ ਸਾਲ ਦੇਸ਼ ਵਿਆਪੀ ਕੋਲਾ ਸੰਕਟ ਦੇ ਬਾਵਜੂਦ, ਮੇਰੀ ਸਰਕਾਰ ਨੇ ਝੋਨੇ ਦੇ ਸੀਜ਼ਨ ਦੌਰਾਨ 14,311 ਮੈਗਾਵਾਟ ਦੀ ਸਭ ਤੋਂ ਉੱਚੀ ਮੰਗ ਨੂੰ ਪੂਰਾ ਕੀਤਾ ਹੈ ਜੋ ਪਿਛਲੇ ਸਾਲ ਨਾਲੋਂ 13% ਵੱਧ ਸੀ। ਕਾਨੂੰਨੀ ਮੁੱਦਿਆਂ ਕਾਰਨ ਪਿਛਲੇ 7 ਸਾਲਾਂ ਤੋਂ ਬੰਦ ਪਈ ਪਛਵਾੜਾ ਕੇਂਦਰੀ ਕੋਲਾ ਖਾਣ ਨੇ 12 ਦਸੰਬਰ ਤੋਂ ਰਾਜ ਨੂੰ ਸਸਤਾ ਅਤੇ ਉੱਚ ਗੁਣਵੱਤਾ ਵਾਲਾ ਕੋਲਾ ਦੇਣਾ ਚਾਲੂ ਕਰ ਦਿੱਤਾ ਹੈ।

12. ਆਪਣੀ ਵਚਨਬੱਧਤਾ ਦੇ ਅਨੁਸਾਰ, ਮੇਰੀ ਸਰਕਾਰ ਨੇ 1 ਜੁਲਾਈ, 2022 ਤੋਂ ਬਿਜਲੀ ਦੀ ਖਪਤ ਲਈ ਸਾਰੇ ਘਰੇਲੂ ਖਪਤਕਾਰਾਂ ਨੂੰ 600 ਯੂਨਿਟ ਬਿਜਲੀ ਦੋ-ਮਾਸਿਕ /300

ਯੂਨਿਟ ਬਿਜਲੀ ਮਹੀਨਾਵਾਰ ਮੁਫਤ ਦਿੱਤੀ ਹੈ। ਪਹਿਲੀ ਵਾਰ, 90% ਤੋਂ ਵੱਧ ਘਰੇਲੂ ਖਪਤਕਾਰਾਂ ਦਾ ਜ਼ੀਰੋ ਬਿੱਲ ਆਇਆ ਹੈ। ਖੇਤੀ ਖਪਤਕਾਰਾਂ ਨੂੰ 8 ਘੰਟੇ ਬਿਜਲੀ ਦੀ ਸਪਲਾਈ ਦਿੱਤੀ ਗਈ। ਸਰਕਾਰ ਦੀ ਵਚਨਬੱਧਤਾ ਅਨੁਸਾਰ 31.12.2021 ਤੱਕ 1298 ਕਰੋੜ ਰੁਪਏ ਬਕਾਇਆ ਘਰੇਲੂ ਬਿੱਲਾਂ ਨੂੰ ਵੀ ਮੁਆਫ ਕਰ ਦਿੱਤਾ ਗਿਆ ਹੈ।

13. ਮੇਰੀ ਸਰਕਾਰ ਨੇ 10.06.2022 ਤੋਂ ਪ੍ਰਭਾਵੀ ਖੇਤੀਬਾੜੀ ਟਿਊਬਵੈਲ ਕੁਨੈਕਸ਼ਨਾਂ ਦੇ ਲੋਡ ਵਿੱਚ ਵਾਧੇ ਨੂੰ ਰੈਗੂਲਰ ਕਰਨ ਲਈ 4750 ਬੀਐੱਚਪੀ ਦੀ ਥਾਂ ਤੇ 2500 ਬੀਐੱਚਪੀ ਦੀ ਰਿਆਇਤੀ ਦਰਾਂ ਤੇ ਵਲੰਟਰੀ ਡਿਸਕਲੋਜ਼ਰ ਸਕੀਮ (ਵੀਡੀਐੱਸ) ਸ਼ੁਰੂ ਕੀਤੀ ਹੈ। ਇਸ ਯੋਜਨਾ ਤਹਿਤ ਹੁਣ ਤੱਕ 1.96 ਲੱਖ ਕਿਸਾਨਾਂ ਨੇ ਲਗਭਗ 8 ਲੱਖ ਐਚਪੀ ਦੇ ਕਨੈਕਟਿਡ ਲੋਡ ਨੂੰ ਰੈਗੂਲਰ ਕੀਤਾ ਹੈ ਅਤੇ ਉਨ੍ਹਾਂ ਨੂੰ 180 ਕਰੋੜ ਰੁਪਏ ਦਾ ਲਾਭ ਹੋਇਆ ਹੈ। ਪੰਜਾਬ ਨੇ ਖਾਸ ਤੌਰ ਤੇ ਝੋਨੇ ਦੇ ਸੀਜ਼ਨ ਦੌਰਾਨ ਆਪਣੀ ਸਿਖਰ ਮੰਗ ਨੂੰ ਘਟਾਉਣ ਲਈ ਬਾਹਰੀ ਰਾਜਾਂ ਤੋਂ ਵਧੇਰੇ ਬਿਜਲੀ ਪ੍ਰਾਪਤ ਕਰਨ ਲਈ ਉਪਲਬਧ ਟਰਾਂਸਮਿਸ਼ਨ ਸਮਰੱਥਾ (ਏ.ਟੀ.ਸੀ.) ਨੂੰ ਵਧਾ ਕੇ 8500 ਮੈਗਾਵਾਟ ਕਰ ਦਿੱਤਾ ਹੈ।

14. ਖੇਤੀਬਾੜੀ, ਪੰਜਾਬ ਰਾਜ ਦੀ ਆਰਥਿਕਤਾ ਦਾ ਇੱਕ ਮਹੱਤਵਪੂਰਨ ਸੈਕਟਰ ਹੈ। ਪੰਜਾਬ, ਭਾਰਤ ਦਾ ਅਨਾਜ ਭੰਡਾਰ ਹੈ, ਜਿਸ ਨੇ ਪਿਛਲੇ ਪੰਜ ਦਹਾਕਿਆਂ ਤੋਂ ਦੇਸ਼ ਦੀ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਇਆ ਹੈ ਅਤੇ ਕੇਂਦਰੀ ਪੂਲ ਵਿੱਚ ਲਗਭਗ 51% ਕਣਕ

ਅਤੇ ਲਗਭਗ 25% ਝੋਨੇ ਦੇ ਤਾਜ਼ਾ ਯੋਗਦਾਨ ਨਾਲ ਦੇਸ਼ ਦੀ ਲੋੜ ਦਾ ਬਫਰ ਫੂਡ ਸਟਾਕ ਕਾਇਮ ਰੱਖਿਆ ਹੈ।

15. ਮੇਰੀ ਸਰਕਾਰ ਧਰਤੀ ਹੇਠਲੇ ਪਾਣੀ ਨੂੰ ਲੈ ਕੇ ਬਹੁਤ ਚਿੰਤਤ ਹੈ। ਇਸ ਦੇ ਬਿਹਤਰ ਪ੍ਰਬੰਧਨ ਅਤੇ ਸੁਰੱਖਿਆ ਲਈ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਲਈ 1500 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਪ੍ਰੋਤਸਾਹਨ ਦਿੱਤਾ ਜਾ ਰਿਹਾ ਹੈ। ਡੀਐਸਆਰ ਅਧੀਨ ਤਸਦੀਕ ਕੀਤੀ ਗਈ 1,69,008 ਏਕੜ ਜ਼ਮੀਨ ਲਈ ਸਾਉਣੀ ਦੇ ਸੀਜ਼ਨ ਦੌਰਾਨ ਕੁੱਲ 25.06 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।

16. ਸੂਬੇ ਵਿੱਚ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ, ਮੇਰੀ ਸਰਕਾਰ ਨੇ ਪਹਿਲੀ ਵਾਰ 7275/- ਰੁਪਏ ਪ੍ਰਤੀ ਕੁਇੰਟਲ ਐਮਐਸਪੀ ਦੇ ਹਿਸਾਬ ਨਾਲ ਮੂੰਗੀ ਦੀ ਖਰੀਦ ਕੀਤੀ ਅਤੇ 15,737 ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਕੁੱਲ 61.85 ਕਰੋੜ ਰੁਪਏ ਟਰਾਂਸਫਰ ਕੀਤੇ ਗਏ। ਮੇਰੀ ਸਰਕਾਰ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਸਬਸਿਡੀ ਵਾਲੀਆਂ ਦਰਾਂ ਤੇ ਮਸ਼ੀਨਰੀ ਮੁਹੱਈਆ ਕਰਵਾ ਰਹੀ ਹੈ। ਝੋਨੇ ਦੀ ਪਰਾਲੀ ਸਾੜਨ ਦੇ ਮਾਮਲੇ ਸਾਲ 2021-22 ਵਿੱਚ 71,304 ਦੇ ਮੁਕਾਬਲੇ ਘਟ ਕੇ ਸਾਲ 2022-23 ਵਿੱਚ 49,922 ਰਹਿ ਗਏ ਹਨ, ਜੋ ਮੇਰੀ ਸਰਕਾਰ ਪਰਾਲੀ ਪ੍ਰਬੰਧਨ, ਜਾਗਰੂਕਤਾ ਮੁਹਿੰਮਾਂ, ਨਿਗਰਾਨੀ ਅਤੇ ਕਾਨੂੰਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੇ ਯਤਨਾਂ ਸਦਕਾ ਹੀ ਸੰਭਵ ਹੋਇਆ ਹੈ।

17. ਮੇਰੀ ਸਰਕਾਰ ਨੇ ਸਾਲ 2022-23 ਦੌਰਾਨ ਖਾਦਾਂ ਦੀ ਸਹੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ, 4.00 ਲੱਖ ਸਾੱਇਲ ਹੈਲਥ ਕਾਰਡ ਵੰਡਣ ਦਾ ਟੀਚਾ ਰੱਖਿਆ ਹੈ। ਇਸ ਤੋਂ ਇਲਾਵਾ 10 ਕੀਟਨਾਸ਼ਕਾਂ ਦੀ ਵਿਕਰੀ ਤੇ ਵੀ ਪਾਬੰਦੀ ਲਗਾਈ ਗਈ ਹੈ ਕਿਉਂਕਿ ਇਨ੍ਹਾਂ ਦੀ ਵਰਤੋਂ ਬਾਸਮਤੀ ਚੌਲਾਂ ਦੇ ਨਿਰਯਾਤ ਵਿਚ ਰੁਕਾਵਟ ਪਾਉਂਦੀ ਹੈ।

18. ਵਾਅਦੇ ਮੁਤਾਬਕ, ਮੇਰੀ ਸਰਕਾਰ ਨੇ ਪਿਛਲੇ ਸਾਲ 7294 ਕਰੋੜ ਰੁਪਏ ਦੀ ਲਾਗਤ ਨਾਲ 14.05 ਲੱਖ ਟਿਊਬਵੈੱਲਾਂ ਨੂੰ ਮੁਫ਼ਤ ਬਿਜਲੀ ਦਿੱਤੀ ਹੈ। ਮੈਂ ਭਰੋਸਾ ਦਿਵਾਉਣਾ ਚਾਹੁੰਦਾ ਹਾਂ ਕਿ ਕਿਸਾਨਾਂ ਨੂੰ ਮੁਫਤ ਬਿਜਲੀ ਸਪਲਾਈ ਦਾ ਪ੍ਰਬੰਧ ਸਰਕਾਰ ਦੀ ਸਭ ਤੋਂ ਪਹਿਲੀ ਤਰਜੀਹ ਰਹੇਗੀ। ਮੇਰੀ ਸਰਕਾਰ ਨੇ ਗੰਨੇ ਦੇ ਖਰੀਦ ਮੁੱਲ ਵਿਚ 20 ਰੁਪਏ ਦਾ ਵਾਧਾ ਕਰਨ ਦੇ ਨਾਲ-ਨਾਲ 492 ਕਰੋੜ ਦੀਆਂ ਲੰਬਿਤ ਦੇਣਦਾਰੀਆਂ ਵੀ ਅਦਾ ਕੀਤੀਆਂ ਹਨ।

19. ਫ਼ਸਲੀ ਵਿਭਿੰਨਤਾ ਸਮੇਂ ਦੀ ਲੋੜ ਹੈ ਅਤੇ ਇਸ ਨੂੰ ਉਤਸ਼ਾਹਿਤ ਕਰਨ ਲਈ 23 ਜ਼ਿਲ੍ਹਿਆਂ ਨੂੰ ਫ਼ਸਲਾਂ ਦੀ ਅਨੁਕੂਲਤਾ ਦੇ ਅਨੁਸਾਰ ਛੇ ਖੇਤੀ ਜਲਵਾਯੂ ਖੇਤਰਾਂ ਵਿੱਚ ਸ਼੍ਰੇਣੀਬੱਧ ਕੀਤਾ ਗਿਆ ਹੈ। ਝੋਨੇ-ਕਣਕ ਦੇ ਫਸਲੀ ਚੱਕਰ ਹੇਠ ਰਕਬਾ ਸੀਮਤ ਕਰਨ ਅਤੇ ਧਰਤੀ ਹੇਠਲੇ ਪਾਣੀ ਦੇ ਘਟਣ ਨੂੰ ਰੋਕਣ ਲਈ ਬਾਸਮਤੀ-ਕਣਕ, ਮੱਕੀ-ਕਣਕ, ਕਪਾਹ-ਕਣਕ, ਮੱਕੀ-ਕਣਕ-ਮੂੰਗੀ, ਕਪਾਹ-ਸਰ੍ਹੋਂ, ਖਾਣ ਵਾਲੇ ਤੇਲ ਦੀਆਂ ਫਸਲਾਂ ਅਤੇ ਗੰਨੇ ਦੀ ਫਸਲ ਵਰਗੇ ਪੈਟਰਨ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਇਸ ਸਬੰਧ ਵਿਚ ਮਿਤੀ 12-02-2023 ਨੂੰ ਨੀਤੀ ਨਿਰਮਾਣ ਵਿਚ ਕਿਸਾਨਾਂ ਨੂੰ ਸ਼ਾਮਲ ਕਰਨ ਲਈ ਪੰਜਾਬ ਖੇਤੀਬਾੜੀ

ਯੂਨੀਵਰਸਿਟੀ, ਲੁਧਿਆਣਾ ਵਿਖੇ "ਪਹਿਲਾ ਕਿਸਾਨ-ਸਰਕਾਰ ਮਿਲਣੀ ਪ੍ਰੋਗਰਾਮ" ਆਯੋਜਿਤ ਕੀਤਾ ਗਿਆ। ਜਿਸ ਵਿਚ 15000 ਤੋਂ ਵੱਧ ਕਿਸਾਨਾਂ ਨੇ ਭਾਗ ਲਿਆ ਅਤੇ ਆਪਣੇ ਵਿਚਾਰ ਪ੍ਰਗਟ ਕੀਤੇ।

20. ਮੇਰੀ ਸਰਕਾਰ ਨੇ ਰਾਜ ਵਿੱਚ ਵੈਟਰਨਰੀ ਸੇਵਾਵਾਂ ਤੇ ਵਿਸ਼ੇਸ਼ ਜ਼ੋਰ ਦਿੱਤਾ ਹੈ। ਆਰ.ਕੇ.ਵੀ.ਵਾਈ ਦੇ ਤਹਿਤ, ਪੰਜਾਬ ਵੈਟਰਨਰੀ ਵੈਕਸੀਨ ਇੰਸਟੀਚਿਊਟ, ਲੁਧਿਆਣਾ ਨੂੰ ਡਬਲਿਊ ਐਚ ਓ ਦੇ ਜੀਐਮਪੀ ਮਾਪਦੰਡਾਂ ਅਨੁਸਾਰ 32.00 ਕਰੋੜ ਰੁਪਏ ਦੀ ਕੁੱਲ ਪ੍ਰੋਜੈਕਟ ਲਾਗਤ ਨਾਲ ਅੱਪਗ੍ਰੇਡ ਕੀਤਾ ਜਾ ਰਿਹਾ ਹੈ ਅਤੇ ਉੱਤਰੀ ਖੇਤਰੀ ਰੋਗ ਨਿਦਾਨ ਪ੍ਰਯੋਗਸ਼ਾਲਾ, ਜਲੰਧਰ ਦਾ ਆਧੁਨਿਕੀਕਰਨ ਕੀਤਾ ਜਾ ਰਿਹਾ ਹੈ ਅਤੇ 16 ਲਬਾਰਟਰੀਆਂ ਨਾਲ ਲੈਸ ਕੀਤਾ ਜਾ ਰਿਹਾ ਹੈ, ਜੋ 4 ਰਾਜਾਂ (ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਰਾਜਸਥਾਨ) ਅਤੇ 4 ਕੇਂਦਰ ਸ਼ਾਸਤ ਪ੍ਰਦੇਸ਼ਾਂ (ਚੰਡੀਗੜ੍ਹ, ਲੱਦਾਖ, ਜੰਮੂ ਅਤੇ ਕਸ਼ਮੀਰ ਅਤੇ ਦਿੱਲੀ) ਵਿੱਚ ਬਿਮਾਰੀ ਦੇ ਨਿਦਾਨ ਅਤੇ ਏਅਰੋ-ਸਰਵੇ ਨੂੰ ਪੂਰਾ ਕਰਦਾ ਹੈ। ਮੇਰੀ ਸਰਕਾਰ ਨੇ ਪੇਂਡੂ ਪਸ਼ੂ ਪਾਲਕਾਂ ਨੂੰ ਵਿਸ਼ੇਸ਼ ਵੈਟਰਨਰੀ ਸੇਵਾਵਾਂ ਪ੍ਰਦਾਨ ਕਰਨ ਲਈ 418 ਵੈਟਰਨਰੀ ਅਫਸਰਾਂ ਦੀ ਭਰਤੀ ਕੀਤੀ ਹੈ। ਜ਼ਮੀਨੀ ਪੱਧਰ ਤੇ ਪਸ਼ੂਧਨ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਸਾਰੇ ਜ਼ਿਲ੍ਹਿਆਂ ਵਿੱਚ 650 ਪੈਰਾ-ਵੈਟਰਨਰੀਅਨ ਨਿਯੁਕਤ ਕੀਤੇ ਗਏ ਹਨ।

21. ਮੇਰੀ ਸਰਕਾਰ ਨੇ ਝੀਂਗੇ ਦੀ ਖੇਤੀ ਤੇ ਵਿਸ਼ੇਸ਼ ਜ਼ੋਰ ਦਿੱਤਾ ਹੈ, ਜਿਸ ਨਾਲ ਪੰਜਾਬ ਦੇ ਦੱਖਣ-ਪੱਛਮੀ ਜ਼ਿਲ੍ਹਿਆਂ ਵਿੱਚ ਕਿਸਾਨਾਂ ਨੂੰ 2.50 ਤੋਂ 4.00 ਲੱਖ ਰੁਪਏ ਪ੍ਰਤੀ ਏਕੜ ਦੀ ਚੰਗੀ ਆਮਦਨ ਹੋ ਰਹੀ ਹੈ। ਇਸ ਤੋਂ ਇਲਾਵਾ, ਮੱਛੀ ਪਾਲਣ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਜ਼ਿਲ੍ਹਾ ਫਾਜ਼ਿਲਕਾ ਵਿੱਚ ਨਵਾਂ ਸਰਕਾਰੀ ਮੱਛੀ ਬੀਜ ਫਾਰਮ ਸਥਾਪਤ ਕਰਨ ਦਾ ਕੰਮ ਚੱਲ ਰਿਹਾ ਹੈ। ਮੇਰੀ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੀ ਇੱਛੁਕ ਹੈ। ਇਸ ਦੇ ਲਈ 3500 ਨਵੇਂ ਡੇਅਰੀ ਯੂਨਿਟ ਸਥਾਪਿਤ ਕੀਤੇ ਜਾਣਗੇ, ਡੇਅਰੀ ਸਿਖਲਾਈ ਸਹੂਲਤਾਂ ਨੂੰ ਹੋਰ ਮਜ਼ਬੂਤ ਅਤੇ ਆਧੁਨਿਕ ਬਣਾਇਆ ਜਾਵੇਗਾ, ਅਤੇ ਤਕਨਾਲੋਜੀ ਰਾਹੀਂ ਡੇਅਰੀ ਫਾਰਮਿੰਗ ਦੇ ਵਪਾਰੀਕਰਨ ਅਤੇ ਮਸ਼ੀਨੀਕਰਨ ਨੂੰ ਉਤਸ਼ਾਹਿਤ ਕੀਤਾ ਜਾਵੇਗਾ ਅਤੇ ਦੁੱਧ ਦੀ ਬਿਹਤਰ ਅਤੇ ਸਵੱਛ ਸੰਭਾਲ ਲਈ ਵਿੱਤੀ ਪ੍ਰੋਤਸਾਹਨ ਦਿੱਤੇ ਜਾਣਗੇ।

22. ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ (ਪੀ.ਐੱਸ.ਆਰ.ਐੱਲ.ਐੱਮ) ਦੇ ਤਹਿਤ, ਰਾਜ ਦੁਆਰਾ ਹੁਣ ਤੱਕ 39000 ਸਵੈ-ਸਹਾਇਤਾ ਸਮੂਹ (ਐੱਸ.ਐੱਚ.ਜੀ.) ਬਣਾਏ ਗਏ ਹਨ ਅਤੇ ਅਗਲੇ ਵਿੱਤੀ ਸਾਲ ਦੌਰਾਨ 34000 ਹੋਰ ਸਵੈ-ਸਹਾਇਤਾ ਸਮੂਹ ਬਣਾਏ ਜਾਣਗੇ।

23. ਸ਼ਾਮਲਾਟ ਜ਼ਮੀਨ ਤੇ ਹੋਏ ਨਜਾਇਜ਼ ਕਬਜ਼ਿਆਂ ਨੂੰ ਛੁਡਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਮੁਹਿੰਮ ਤਹਿਤ ਮੇਰੀ ਸਰਕਾਰ ਵੱਲੋਂ ਹੁਣ ਤੱਕ ਕੁੱਲ 9447 ਏਕੜ ਜ਼ਮੀਨ ਦਾ ਕਬਜ਼ਾ ਲਿਆ ਜਾ ਚੁੱਕਾ ਹੈ। ਅਗਲੇ ਸਾਲ ਦੌਰਾਨ ਗ੍ਰਾਮ ਪੰਚਾਇਤ ਦੀ ਬਾਕੀ ਰਹਿੰਦੀ ਜ਼ਮੀਨ ਦਾ ਕਬਜ਼ਾ ਲੈਣ ਲਈ ਉਪਰਾਲੇ ਕੀਤੇ ਜਾ ਰਹੇ ਹਨ।

24. ਮਹਾਤਮਾ ਗਾਂਧੀ ਰਾਸ਼ਟਰੀ ਗ੍ਰਾਮੀਣ ਰੁਜ਼ਗਾਰ ਗਾਰੰਟੀ ਯੋਜਨਾ (ਮਨਰੇਗਾ), 15ਵੇਂ ਵਿੱਤ ਕਮਿਸ਼ਨ (ਐੱਫ.ਸੀ) ਅਤੇ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਵਰਗੀਆਂ ਸਕੀਮਾਂ ਦੇ ਤਹਿਤ ਮੁਹੱਈਆ ਕਰਵਾਏ ਗਏ ਵੱਖ-ਵੱਖ ਫੰਡਾਂ ਨੂੰ ਇਕੱਠਾ ਕਰਨ ਦੀ ਪਹੁੰਚ ਅਪਣਾ ਕੇ, ਰਾਜ ਦੇ ਸਾਰੇ ਪਿੰਡਾਂ ਵਿੱਚ ਸਵੱਛਤਾ ਦਾ ਕੰਮ ਕੀਤਾ ਜਾਵੇਗਾ।

25. ਮੇਰੀ ਸਰਕਾਰ ਸੂਬੇ ਦੇ ਦੇਸ਼ ਭਗਤਾਂ ਅਤੇ ਬਹਾਦਰ ਸੈਨਿਕਾਂ ਨੂੰ ਸਲਾਮ ਕਰਦੀ ਹੈ। ਵਾਅਦੇ ਮੁਤਾਬਕ ਸੂਬੇ ਦੇ ਸ਼ਹੀਦ ਜਵਾਨਾਂ ਦੇ ਵਾਰਸਾਂ ਨੂੰ ਦਿੱਤੀ ਜਾਣ ਵਾਲੀ ਐਕਸ-ਗ੍ਰੇਸ਼ੀਆ ਮੌਜੂਦਾ 50 ਲੱਖ ਰੁਪਏ ਤੋਂ ਵਧਾ ਕੇ 1.00 ਕਰੋੜ ਰੁਪਏ ਕਰ ਦਿੱਤੀ ਗਈ ਹੈ। ਇੰਨਾ ਹੀ ਨਹੀਂ, ਭੂਮੀ ਦੇ ਬਦਲੇ ਨਕਦ ਪੁਰਸਕਾਰ ਅਤੇ ਬਹਾਦਰੀ ਲਈ ਅਤੇ ਵਿਸ਼ੇਸ਼ ਪੁਰਸਕਾਰ ਜੇਤੂਆਂ ਨੂੰ ਦਿੱਤੇ ਜਾਣ ਵਾਲੇ ਨਕਦ ਪੁਰਸਕਾਰਾਂ ਵਿੱਚ 40 ਫੀਸਦੀ ਦਾ ਵਾਧਾ ਕੀਤਾ ਗਿਆ ਹੈ ਅਤੇ ਉਨ੍ਹਾਂ ਦੀ ਸਾਲਾਨਾ ਰਾਸ਼ੀ ਵੀ ਪਿਛਲੀਆਂ ਦਰਾਂ ਨਾਲੋਂ 80 ਫੀਸਦੀ ਵਧਾਈ ਗਈ ਹੈ। ਸ਼ਹੀਦਾਂ ਅਤੇ ਸਾਬਕਾ ਸੈਨਿਕਾਂ ਦੇ ਸਨਮਾਨ ਵਜੋਂ, ਮੇਰੀ ਸਰਕਾਰ ਨੇ ਉਨ੍ਹਾਂ ਦੇ ਬੱਚਿਆਂ ਨੂੰ ਆਈ.ਟੀ. ਸੈਕਟਰ ਲਈ ਸਿਖਲਾਈ ਪ੍ਰਦਾਨ ਕੀਤੀ ਹੈ, ਜਿਸ ਵਿੱਚ 1088 ਵਿਦਿਆਰਥੀਆਂ ਨੇ ਬੀ.ਐਸਸੀ (ਆਈਟੀ), ਐਮ.ਐਸਸੀ (ਆਈਟੀ), ਪੀਜੀਡੀਸੀਏ ਅਤੇ ਹੋਰ ਕੰਪਿਊਟਰ ਕੋਰਸਾਂ ਲਈ ਯੋਗਤਾ ਪੂਰੀ ਕੀਤੀ ਹੈ। ਇਸ ਤੋਂ ਇਲਾਵਾ 275 ਵਿਦਿਆਰਥੀਆਂ ਨੂੰ ਹਥਿਆਰਬੰਦ ਬਲਾਂ ਅਤੇ ਅਰਧ ਸੈਨਿਕ ਬਲਾਂ ਵਿੱਚ ਭਰਤੀ ਹੋਣ ਲਈ ਪੂਰਵ-ਭਰਤੀ ਸਿਖਲਾਈ ਦਿੱਤੀ ਗਈ ਹੈ।

26. ਮੇਰੀ ਸਰਕਾਰ ਰਾਜ ਦੇ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ। ਸਾਲ 2022-23 ਵਿੱਚ ਆਸ਼ੀਰਵਾਦ ਯੋਜਨਾ ਦੇ ਤਹਿਤ ਅਨੁਸੂਚਿਤ ਜਾਤੀਆਂ ਦੇ 19,646 ਲਾਭਪਾਤਰੀਆਂ ਨੂੰ 100 ਕਰੋੜ ਰੁਪਏ ਅਤੇ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ 12,090 ਲਾਭਪਾਤਰੀਆਂ ਨੂੰ 61.61 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ। ਇਸ ਸਕੀਮ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਲਾਗੂ ਕਰਨ ਲਈ, ਇਸ ਸਕੀਮ ਅਧੀਨ ਐਪਲੀਕੇਸ਼ਨਾਂ ਦੀ ਆਨਲਾਈਨ ਸਵੀਕ੍ਰਿਤੀ ਲਈ 'ਆਸ਼ੀਰਵਾਦ ਪੋਰਟਲ' ਸ਼ੁਰੂ ਕੀਤਾ ਗਿਆ ਹੈ।

27. ਐਸ.ਸੀ ਸਕਾਲਰਸ਼ਿਪ ਦੀ ਦੁਰਵਰਤੋਂ ਨੂੰ ਰੋਕਣ ਲਈ ਆੱਨਲਾਈਨ ਅਰਜ਼ੀਆਂ ਮੰਗਣ ਲਈ ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ ਖੋਲ੍ਹਿਆ ਗਿਆ ਹੈ। ਕੁੱਲ 2,47,049 ਅਰਜ਼ੀਆਂ ਪ੍ਰਾਪਤ ਹੋਈਆਂ ਹਨ। ਮੇਰੀ ਸਰਕਾਰ ਨੇ ਹੁਣ ਤੱਕ ਰਾਜ ਦੇ 40 ਫੀਸਦੀ ਹਿੱਸੇ ਵਜੋਂ 174.72 ਕਰੋੜ ਰੁਪਏ ਜਾਰੀ ਕੀਤੇ ਹਨ ਅਤੇ ਇਹ ਰਾਸ਼ੀ ਜਲਦੀ ਹੀ 1,85,578 ਵਿਦਿਆਰਥੀਆਂ ਦੇ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾ ਰਹੀ ਹੈ। ਵਿੱਤੀ ਸਾਲ 2022-23 ਦੌਰਾਨ ਮੇਰੀ ਸਰਕਾਰ ਨੇ ਪੰਜਾਬ ਅਨੁਸੂਚਿਤ ਜਾਤੀ ਭੂਮੀ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਰਾਹੀਂ ਵੱਖ-ਵੱਖ ਸਵੈ-ਰੁਜ਼ਗਾਰ ਸਕੀਮਾਂ ਤਹਿਤ 242 ਲਾਭਪਾਤਰੀਆਂ ਨੂੰ 4.71 ਕਰੋੜ ਰੁਪਏ ਅਤੇ ਪੰਜਾਬ ਪੱਛੜੀਆਂ ਸ਼੍ਰੇਣੀਆਂ ਭੂਮੀ ਵਿਕਾਸ ਅਤੇ ਵਿੱਤ

ਕਾਰਪੋਰੇਸ਼ਨ ਵੱਲੋਂ 135 ਲਾਭਪਾਤਰੀਆਂ ਨੂੰ 2.86 ਕਰੋੜ ਰੁਪਏ ਦੀ ਰਾਸ਼ੀ ਵੰਡੀ ਗਈ ਹੈ।

28. ਮੇਰੀ ਸਰਕਾਰ ਸੂਬੇ ਵਿੱਚ ਨਵੇਂ ਮੈਡੀਕਲ ਕਾਲਜਾਂ ਦੀ ਸਥਾਪਨਾ ਕਰਕੇ ਸੂਬੇ ਵਿੱਚ ਮੈਡੀਕਲ ਸਿੱਖਿਆ ਵਿੱਚ ਸੁਧਾਰ ਲਿਆਉਣਾ ਚਾਹੁੰਦੀ ਹੈ। ਜ਼ਿਲ੍ਹਾ ਸੰਗਰੂਰ ਦੇ ਮਸਤੂਆਣਾ ਸਾਹਿਬ ਵਿਖੇ 100 ਐਮਬੀਬੀਐਸ ਸੀਟਾਂ ਵਾਲਾ ਨਵਾਂ ਮੈਡੀਕਲ ਕਾਲਜ ਖੋਲ੍ਹਣ ਦੀ ਤਜਵੀਜ਼ ਹੈ। ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿੱਚ ਐਮਬੀਬੀਐਸ ਦੀਆਂ ਸੀਟਾਂ ਦੀ ਗਿਣਤੀ 150 ਤੋਂ ਵਧਾ ਕੇ 200 ਕਰਨ ਲਈ ਕੇਂਦਰ ਸਰਕਾਰ ਵੱਲੋਂ 60 ਕਰੋੜ ਰੁਪਏ ਦੀ ਕਾਰਜ-ਯੋਜਨਾ ਨੂੰ ਪ੍ਰਵਾਨਗੀ ਦਿੱਤੀ ਗਈ ਸੀ। ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਵਿੱਚ ਐਮਬੀਬੀਐਸ ਦੀਆਂ ਸੀਟਾਂ 150 ਤੋਂ ਵਧਾ ਕੇ 200 ਕਰਨ ਲਈ 60 ਕਰੋੜ ਰੁਪਏ ਦੀ ਕਾਰਜ-ਯੋਜਨਾ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਸੀ। ਕੇਂਦਰ ਸਰਕਾਰ ਦੀ ਮਦਦ ਨਾਲ ਕਪੂਰਥਲਾ ਅਤੇ ਹੁਸ਼ਿਆਰਪੁਰ ਵਿਖੇ ਕ੍ਰਮਵਾਰ 422 ਕਰੋੜ ਰੁਪਏ ਅਤੇ 412 ਕਰੋੜ ਰੁਪਏ ਦੀ ਲਾਗਤ ਨਾਲ 100-100 ਐਮਬੀਬੀਐਸ ਸੀਟਾਂ ਵਾਲੇ ਦੋ ਨਵੇਂ ਮੈਡੀਕਲ ਕਾਲਜ ਸਥਾਪਿਤ ਕੀਤੇ ਜਾ ਰਹੇ ਹਨ। ਪ੍ਰਧਾਨ ਮੰਤਰੀ ਜਨ ਵਿਕਾਸ ਕਾਰਯਕ੍ਰਮ ਯੋਜਨਾ ਤਹਿਤ ਮਾਲੇਰਕੋਟਲਾ ਲਈ 100 ਐਮਬੀਬੀਐਸ ਸੀਟਾਂ ਵਾਲਾ ਇੱਕ ਮੈਡੀਕਲ ਕਾਲਜ ਮਨਜ਼ੂਰ ਕੀਤਾ ਗਿਆ ਹੈ।

29. ਇਸ ਤੋਂ ਇਲਾਵਾ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਵਿਖੇ 119 ਕਰੋੜ ਰੁਪਏ ਦੀ ਲਾਗਤ ਨਾਲ ਕੈਂਸਰ ਦੇ ਮਰੀਜ਼ਾਂ ਲਈ ਸਟੇਟ ਕੈਂਸਰ ਇੰਸਟੀਚਿਊਟ ਅਤੇ 46 ਕਰੋੜ ਰੁਪਏ ਦੀ ਲਾਗਤ ਨਾਲ ਫਾਜ਼ਿਲਕਾ ਵਿਖੇ ਇੱਕ ਕੈਂਸਰ ਕੇਅਰ ਸੈਂਟਰ ਭਾਰਤ ਸਰਕਾਰ ਦੇ ਸਹਿਯੋਗ ਨਾਲ ਬਣਾਇਆ ਜਾ ਰਿਹਾ ਹੈ। ਮੇਰੀ ਸਰਕਾਰ ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਵਿਖੇ 31.57 ਕਰੋੜ ਰੁਪਏ ਦੀ ਲਾਗਤ ਨਾਲ ਅਤੇ ਰਾਜਿੰਦਰਾ ਹਸਪਤਾਲ, ਪਟਿਆਲਾ ਵਿਖੇ 68.75 ਕਰੋੜ ਰੁਪਏ ਦੀ ਲਾਗਤ ਨਾਲ ਟਰਾਮਾ ਸੈਂਟਰ ਸਥਾਪਿਤ ਕਰ ਰਹੀ ਹੈ। ਮੇਰੀ ਸਰਕਾਰ ਨੇ 880 ਸਟਾਫ ਨਰਸਾਂ ਅਤੇ 81 ਪੈਰਾ ਮੈਡੀਕਲ ਸਟਾਫ ਦੀ ਵੀ ਭਰਤੀ ਕੀਤੀ ਹੈ ਅਤੇ 184 ਸਪੈਸ਼ਲਿਸਟ ਡਾਕਟਰਾਂ ਦੀ ਭਰਤੀ ਪ੍ਰਕਿਰਿਆ ਅਧੀਨ ਹੈ।

30. ਮੇਰੀ ਸਰਕਾਰ ਦੀ ਇੱਕ ਹੋਰ ਤਰਜੀਹ ਨੌਜਵਾਨਾਂ ਦੀ ਭਲਾਈ ਹੈ। ਖਾਸ ਤੌਰ ਤੇ 'ਖੇਡਾਂ' ਨੂੰ ਨੌਜਵਾਨਾਂ ਦੇ ਵਿਕਾਸ ਦੀ ਕੁੰਜੀ ਮੰਨਦੇ ਹੋਏ ਸਾਲ 2022-23 ਲਈ ਕੁੱਲ 229 ਕਰੋੜ ਰੁਪਏ ਦਾ ਬਜਟ ਅਲਾਟ ਕੀਤਾ ਗਿਆ ਹੈ, ਜੋ ਕਿ ਪਿਛਲੇ ਸਾਲ ਨਾਲੋਂ 38.14 ਫੀਸਦੀ ਵੱਧ ਹੈ। ਇਸ ਤੋਂ ਇਲਾਵਾ ਬਲਾਕ ਤੋਂ ਲੈ ਕੇ ਸੂਬਾ ਪੱਧਰ ਤੱਕ 'ਖੇਡਾਂ ਵਤਨ ਪੰਜਾਬ ਦੀਆ-2022' ਨਾਂ ਦਾ ਰਾਜ ਵਿਆਪੀ ਖੇਡ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ 3 ਲੱਖ ਦੇ ਕਰੀਬ ਖਿਡਾਰੀਆਂ ਨੇ ਭਾਗ ਲਿਆ ਅਤੇ 9961 ਜੇਤੂ ਖਿਡਾਰੀਆਂ ਨੂੰ 6.85 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਗਈ। ਮੇਰੀ ਸਰਕਾਰ ਨੇ ਖਿਡਾਰੀਆਂ ਦਾ ਮਨੋਬਲ ਉੱਚਾ ਚੁੱਕਣ ਲਈ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਦੇ ਨਾਂ ਤੇ ਸਕਾਲਰਸ਼ਿਪ

ਸਕੀਮ ਵੀ ਸ਼ੁਰੂ ਕੀਤੀ ਹੈ। ਇਸ ਸਕੀਮ ਤਹਿਤ ਸੀਨੀਅਰ ਰਾਸ਼ਟਰੀ ਖੇਡਾਂ ਵਿੱਚ ਮੈਡਲ ਜੇਤੂ ਖਿਡਾਰੀ ਨੂੰ 8000 ਰੁਪਏ ਪ੍ਰਤੀ ਮਹੀਨਾ ਅਤੇ ਜੂਨੀਅਰ ਰਾਸ਼ਟਰੀ ਖੇਡਾਂ ਵਿੱਚ ਜੇਤੂ ਖਿਡਾਰੀ ਨੂੰ 6000 ਰੁਪਏ ਪ੍ਰਤੀ ਮਹੀਨਾ ਵਜ਼ੀਫ਼ਾ ਦੇਣ ਲਈ 12.50 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ।

31. ਮੇਰੀ ਸਰਕਾਰ ਨੇ ਅਗਸਤ, 2022 ਵਿੱਚ ਬਰਮਿੰਘਮ ਵਿੱਚ ਆਯੋਜਿਤ ਰਾਸ਼ਟਰਮੰਡਲ ਖੇਡਾਂ-2022 ਵਿੱਚ ਤਗਮੇ ਜਿੱਤਣ ਵਾਲੇ ਰਾਜ ਦੇ ਖਿਡਾਰੀਆਂ ਨੂੰ 9.30 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੀ ਵੰਡੀ ਹੈ। ਖੇਡਾਂ ਦਾ ਪੱਧਰ ਉੱਚਾ ਚੁੱਕਣ ਲਈ ਨਵੀਂ ਖੇਡ ਨੀਤੀ ਤਿਆਰ ਕੀਤੀ ਜਾ ਰਹੀ ਹੈ, ਜਿਸ ਤਹਿਤ ਖੇਡ ਮਾਹਿਰਾਂ ਦੀ ਇਕ ਕਮੇਟੀ ਬਣਾਈ ਗਈ ਹੈ। ਸਕੂਲ ਅਤੇ ਕਾਲਜ ਪੱਧਰ ਤੇ ਖੇਡਾਂ ਦੇ ਵਿਕਾਸ ਲਈ ਸਕੂਲਾਂ ਦੇ ਖੇਡ ਵਿੰਗ ਵਿੱਚ 4750 ਅਤੇ ਕਾਲਜਾਂ ਦੇ ਖੇਡ ਵਿੰਗ ਵਿੱਚ 1000 ਖੇਡ ਸਿਖਿਆਰਥੀਆਂ ਨੂੰ ਭਰਤੀ ਕੀਤਾ ਗਿਆ।

32. ਸੂਬੇ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਕੇ ਨਸ਼ੇ ਦੀ ਆਦਤ ਨੂੰ ਖਤਮ ਕੀਤਾ ਜਾ ਸਕਦਾ ਹੈ। ਮੇਰੀ ਸਰਕਾਰ ਨੇ 1,766 ਪਲੇਸਮੈਂਟ ਕੈਂਪਾਂ/ਰੁਜ਼ਗਾਰ ਮੇਲਿਆਂ/ਸਵੈ-ਰੁਜ਼ਗਾਰ ਕੈਂਪਾਂ ਆਦਿ ਰਾਹੀਂ 1,20,661 ਉਮੀਦਵਾਰਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਲਈ 29.97 ਕਰੋੜ ਰੁਪਏ ਖਰਚ ਕੀਤੇ ਹਨ।

33. 01.04.2022 ਤੋਂ 28.2.2023 ਦੌਰਾਨ ਸੈਂਟਰ ਫਾਰ ਟਰੇਨਿੰਗ ਐਂਡ ਇੰਪਲਾਈਮੈਂਟ ਆਫ ਪੰਜਾਬ ਯੂਥ (ਸੀ-ਪਾਈਟ) ਨੇ 6,168 ਉਮੀਦਵਾਰਾਂ ਨੂੰ ਟਰੇਨਿੰਗ ਦਿੱਤੀ ਹੈ ਅਤੇ 470 ਉਮੀਦਵਾਰਾਂ ਨੂੰ ਭਾਰਤੀ ਫੌਜ ਵਿਚ ਸਿਪਾਹੀ ਵਜੋਂ ਅਤੇ 27 ਉਮੀਦਵਾਰਾਂ ਨੂੰ ਪੰਜਾਬ ਪੁਲਿਸ ਵਿਚ ਕਾਂਸਟੇਬਲ ਵਜੋਂ ਰੁਜ਼ਗਾਰ ਮੁਹੱਈਆ ਕਰਵਾਇਆ ਗਿਆ ਹੈ। 01.04.2022 ਤੋਂ 28.2.2023 ਦੌਰਾਨ ਮਹਾਰਾਜਾ ਰਣਜੀਤ ਸਿੰਘ (ਲੜਕਿਆਂ) ਵਿਖੇ 87 ਉਮੀਦਵਾਰਾਂ ਨੂੰ ਟਰੇਨਿੰਗ ਦਿੱਤੀ ਜਾ ਰਹੀ ਹੈ ਅਤੇ ਪਹਿਲਾਂ ਸਿਖਲਾਈ ਪ੍ਰਾਪਤ 22 ਉਮੀਦਵਾਰਾਂ ਨੂੰ ਆਰਮਡ ਫੋਰਸਿਜ ਵਿਚ ਬਤੌਰ ਕਮਿਸ਼ਨਡ ਆਫਿਸਰ ਸ਼ਾਮਲ ਕੀਤਾ ਗਿਆ ਹੈ। 01.04.2022 ਤੋਂ 28.2.2023 ਦੌਰਾਨ ਮਾਈ ਭਾਗੋ ਆਰਮਡ ਫੋਰਸਿਜ ਪ੍ਰੈਪਰੇਟਰੀ ਇੰਸਟੀਚਿਊਟ ਵਿਖੇ 60 ਉਮੀਦਵਾਰਾਂ ਨੂੰ ਟਰੇਨਿੰਗ ਦਿੱਤੀ ਜਾ ਰਹੀ ਹੈ ਅਤੇ ਪਹਿਲਾਂ ਸਿਖਲਾਈ ਪ੍ਰਾਪਤ 4 ਉਮੀਦਵਾਰਾਂ ਨੂੰ ਆਰਮਡ ਫੋਰਸਿਜ ਵਿਚ ਬਤੌਰ ਕਮਿਸ਼ਨਡ ਆਫਿਸਰ ਸ਼ਾਮਲ ਕੀਤਾ ਗਿਆ ਹੈ।

34. ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਤਹਿਤ 36,841 ਬੇਰੁਜ਼ਗਾਰ ਨੌਜਵਾਨਾਂ ਨੂੰ ਹੁਨਰ ਸਿਖਲਾਈ ਦਿੱਤੀ ਗਈ, ਜਿਨ੍ਹਾਂ ਵਿੱਚੋਂ 23,869 ਨੌਜਵਾਨਾਂ ਨੂੰ ਅਪ੍ਰੈਲ 2022 ਤੋਂ ਜਨਵਰੀ 2023 ਤੱਕ ਲਾਭਦਾਇਕ ਰੁਜ਼ਗਾਰ ਪ੍ਰਾਪਤ ਕਰਨ ਦੀ ਸਹੂਲਤ ਦਿੱਤੀ ਗਈ।

35. ਮੇਰੀ ਸਰਕਾਰ ਰਾਜ ਵਿੱਚ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ। ਇਸਦੇ ਲਈ, ਇੱਕ ਨਵੀਂ ਉਦਯੋਗਿਕ ਅਤੇ ਕਾਰੋਬਾਰੀ ਵਿਕਾਸ ਨੀਤੀ 2022

ਤਿਆਰ ਕੀਤੀ ਜਾ ਰਹੀ ਹੈ, ਜਿਸ ਵਿੱਚ ਮੌਜੂਦਾ ਅਤੇ ਨਵੀਆਂ ਇਕਾਈਆਂ ਲਈ ਆਕਰਸ਼ਕ ਪ੍ਰੋਤਸਾਹਨ ਜਿਵੇਂ ਕਿ ਐਸ.ਜੀ.ਐਸ.ਟੀ ਦੀ ਅਦਾਇਗੀ, ਬਿਜਲੀ ਡਿਊਟੀ, ਸਟੈਂਪ ਡਿਊਟੀ ਵਿੱਚ ਛੋਟ, ਵਿੱਤ, ਤਕਨਾਲੋਜੀ ਅਤੇ ਮਾਰਕੀਟਿੰਗ ਖੇਤਰ ਵਿਚ ਐੱਮ.ਐੱਸ.ਐੱਮ.ਈ. ਲਈ ਵਿਸ਼ੇਸ਼ ਪ੍ਰੋਤਸਾਹਨ ਦਿੱਤਾ ਜਾਵੇਗਾ।

36. ਨੀਤੀ ਆਯੋਗ ਦੁਆਰਾ ਜਾਰੀ ਤਾਜ਼ਾ ਐਕਸਪੋਰਟ ਪਰਿਪੇਰਨੈਸ ਇੰਡੈਕਸ (ਈਪੀਆਈ) ਦੇ ਅਨੁਸਾਰ, ਪੰਜਾਬ ਲੈਂਡਲਾਕਡ ਵਿੱਚ ਚੌਥੇ ਅਤੇ ਸਮੁੱਚੇ ਤੌਰ ਤੇ 8ਵੇਂ ਸਥਾਨ ਤੇ ਹੈ। ਮੇਰੀ ਸਰਕਾਰ ਨੇ ਵੱਡੀਆਂ ਕੰਪਨੀਆਂ ਜਿਵੇਂ ਕਿ ਮੈਸਰਜ਼ ਟਾਟਾ ਸਟੀਲ ਲਿਮਟਿਡ, ਮੈਸਰਜ਼ ਸਨਾਥਨ ਪੌਲੀਕਾਟ ਪ੍ਰਾਈਵੇਟ ਲਿਮਟਿਡ ਅਤੇ ਮੈਸਰਜ਼ ਕਾਰਗਿਲ ਇੰਡੀਆ ਪ੍ਰਾਈਵੇਟ ਲਿਮਟਿਡ ਨੂੰ ਆਪਣੇ ਪ੍ਰੋਜੈਕਟ ਸਥਾਪਤ ਕਰਨ ਲਈ ਈ-ਨਿਲਾਮੀ ਰਾਹੀਂ ਉਦਯੋਗਿਕ ਪਲਾਟ ਅਲਾਟ ਕੀਤੇ ਹਨ। ਪੀਐਸਆਈਈਸੀ 465.00 ਕਰੋੜ ਰੁਪਏ ਦੀ ਪ੍ਰੋਜੈਕਟ ਲਾਗਤ ਨਾਲ ਧਨਾਨਸੂ, ਜ਼ਿਲ੍ਹਾ ਲੁਧਿਆਣਾ ਵਿਖੇ 378.77 ਏਕੜ ਰਕਬੇ ਵਿੱਚ ਵਿਸ਼ਵ ਪੱਧਰੀ ਅਤਿ ਆਧੁਨਿਕ ਹਾਈ-ਟੈਕ ਵੈਲੀ ਵਿਕਸਤ ਕਰਨ ਦੀ ਪ੍ਰਕਿਰਿਆ ਵਿੱਚ ਹੈ। ਕੜਿਆਣਾ ਖੁਰਦ, ਲੁਧਿਆਣਾ ਵਿਖੇ ਉਦਯੋਗਿਕ ਪਾਰਕ ਦੀ ਸਥਾਪਨਾ ਅਤੇ ਪਹੁੰਚ ਸੜਕ ਦੇ ਨਿਰਮਾਣ ਲਈ 121.45 ਏਕੜ ਜ਼ਮੀਨ ਖਰੀਦੀ ਗਈ ਹੈ। ਫਤਹਿਗੜ੍ਹ ਸਾਹਿਬ ਦੇ ਪਿੰਡ ਵਜ਼ੀਰਾਬਾਦ ਵਿਖੇ ਉਦਯੋਗਿਕ ਪਾਰਕ ਸਥਾਪਤ ਕਰਨ ਲਈ 130.32 ਏਕੜ ਜ਼ਮੀਨ ਖਰੀਦੀ ਗਈ ਹੈ।

37. ਮੌਜੂਦਾ ਸਰਕਾਰ ਦੇ ਕਾਰਜਕਾਲ (ਮਿਤੀ 16.03.2022 ਤੋਂ 24.02.2023) ਦੌਰਾਨ ਮੇਰੀ ਸਰਕਾਰ ਨੂੰ ਲਗਭਗ 41,043 ਕਰੋੜ ਰੁਪਏ ਦੇ ਨਿਵੇਸ਼ ਦੇ 2295 ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਨ੍ਹਾਂ ਨਾਲ ਰਾਜ ਦੇ ਲਗਭਗ 2,50,585 ਨੌਜਵਾਨਾਂ ਨੂੰ ਰੁਜ਼ਗਾਰ ਮਿਲੇਗਾ। ਇਸ ਸਮੇਂ ਦੌਰਾਨ ਕੁਝ ਮਹੱਤਵਪੂਰਨ ਪ੍ਰੋਜੈਕਟ ਜਿਵੇਂ ਕਿ ਟਾਟਾ ਸਟੀਲ ਲਿਮਟਿਡ (2600 ਕਰੋੜ ਰੁਪਏ), ਸਨਾਥਨ ਪੌਲੀਕਾਟ ਪ੍ਰਾਇਵੇਟ ਲਿਮਟਿਡ (1600 ਕਰੋੜ ਰੁਪਏ), ਨਾਭਾ ਪਾਵਰ ਲਿਮਟਿਡ (641 ਕਰੋੜ ਰੁਪਏ), ਮੈਕਸ ਸਪੇਸ਼ਲਿਟੀ ਫਿਲਮਸ ਲਿਮਟਿਡ (548 ਕਰੋੜ ਰੁਪਏ) ਵਰਧਮਾਨ ਸਪੈਸ਼ਲ ਸਟੀਲਜ਼ (342 ਕਰੋੜ ਰੁਪਏ), ਫ੍ਰੀਡੇਨਬਰਗ ਗਰੁੱਪ (338 ਕਰੋੜ ਰੁਪਏ), ਨੇਸਲੇ ਇੰਡੀਆ ਲਿਮਟਿਡ (214 ਕਰੋੜ ਰੁਪਏ), ਕਾਰਗਿਲ ਇੰਡੀਆ ਪ੍ਰਾਈਵੇਟ ਲਿਮਟਿਡ (160 ਕਰੋੜ ਰੁਪਏ) ਸ਼ਾਮਲ ਹਨ।

38. ਉਦਯੋਗ ਅਤੇ ਵਣਜ ਵਿਭਾਗ ਦੇ ਅਧੀਨ ਪੰਜਾਬ ਇੱਕ ਮਜ਼ਬੂਤ ਅਤੇ ਅਨੁਕੂਲ ਸਟਾਰਟ-ਅਪ ਈਕੋ-ਸਿਸਟਮ ਬਣਾਉਣ ਲਈ ਸਟਾਰਟ-ਅਪਸ ਨਾਲ ਸਮਰਪਿਤ ਤੌਰ ਤੇ ਕੰਮ ਕਰ ਰਿਹਾ ਹੈ। ਇਸ ਨੇ ਮੌਜੂਦਾ ਵਿੱਤੀ ਸਾਲ ਵਿੱਚ 23 ਸਟਾਰਟ-ਅਪਸ ਨੂੰ 3.00 ਲੱਖ ਰੁਪਏ ਦੀ ਸ਼ੁਰੂਆਤੀ ਗ੍ਰਾਂਟ ਪ੍ਰਦਾਨ ਕੀਤੀ ਹੈ ਅਤੇ ਸੰਭਾਵੀ ਨਿਵੇਸ਼ਕਾਂ ਨੂੰ ਜਾਗਰੂਕ ਬਣਾਉਣ ਲਈ ਸਮਾਗਮਾਂ ਦਾ ਆਯੋਜਨ ਵੀ ਕੀਤਾ ਹੈ।

39. ਮੇਰੀ ਸਰਕਾਰ ਨੇ ਪ੍ਰਵਾਸੀ ਭਾਰਤੀਆਂ ਨੂੰ ਆਪੋ-ਆਪਣੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਹੈ। ਪ੍ਰਵਾਸੀ ਭਾਰਤੀ ਕਿਸੇ ਵੀ ਬੁਨਿਆਦੀ ਢਾਂਚੇ ਜਿਵੇਂ ਕਿ ਸਕੂਲ ਦੀਆਂ ਇਮਾਰਤਾਂ, ਕਮਿਊਨਿਟੀ ਸੇਵਾਵਾਂ, ਹਸਪਤਾਲ, ਲਾਇਬ੍ਰੇਰੀਆਂ, ਪੀਣ ਵਾਲੇ ਪਾਣੀ, ਸੀਵਰੇਜ, ਪਖਾਨੇ, ਸਟਰੀਟ ਲਾਈਟਾਂ, ਖੇਡ ਸਟੇਡੀਅਮ ਅਤੇ ਹੋਰ ਪ੍ਰੋਜੈਕਟਾਂ ਲਈ 50% ਯੋਗਦਾਨ ਪਾ ਸਕਦੇ ਹਨ ਅਤੇ ਬਾਕੀ 50% ਰਾਜ ਸਰਕਾਰ ਦੁਆਰਾ ਖਰਚ ਕੀਤਾ ਜਾ ਸਕਦਾ ਹੈ। ਪ੍ਰਵਾਸੀ ਭਾਰਤੀਆਂ ਦੀਆਂ ਸ਼ਿਕਾਇਤਾਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਕਰਨ, ਸਰਕਾਰੀ ਤੰਤਰ ਵਿੱਚ ਉਨ੍ਹਾਂ ਦਾ ਵਿਸ਼ਵਾਸ ਬਹਾਲ ਕਰਨ, ਉਨ੍ਹਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਲਈ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨ ਅਤੇ ਪੰਜਾਬ ਸਰਕਾਰ ਦੇ ਸਮਾਜ ਭਲਾਈ ਪ੍ਰੋਜੈਕਟ ਅਤੇ ਵਿਕਾਸ ਕਾਰਜਾਂ ਵਿੱਚ ਸਫਲਤਾਪੂਰਵਕ ਹਿੱਸਾ ਲੈਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।

40. ਸਿਵਲ ਏਵੀਏਸ਼ਨ ਅਤੇ ਇਨਵੈਸਟਮੈਂਟ ਵਿਭਾਗ, ਪੰਜਾਬ ਪਟਿਆਲਾ ਏਵੀਏਸ਼ਨ ਕੰਪਲੈਕਸ ਵਿਖੇ ਸਿਵਲ ਅਤੇ ਮਿਲਟਰੀ ਏਅਰਕ੍ਰਾਫਟ ਇੰਜਨ ਕੰਪੋਨੈਂਟਸ ਅਤੇ ਐਵੀਓਨਿਕਸ ਦੇ ਇਲੈਕਟ੍ਰੀਕਲ ਅਤੇ ਮਕੈਨੀਕਲ ਅਸੈਂਬਲੀਆਂ ਦੇ ਰੱਖ-ਰਖਾਅ, ਮੁਰੰਮਤ ਅਤੇ ਓਵਰਹਾਲ ਲਈ 'ਸੈਂਟਰ ਆਫ ਐਕਸੀਲੈਂਸ' ਵਿਕਸਿਤ ਕਰਨ ਦਾ ਇਰਾਦਾ ਰੱਖਦਾ ਹੈ। ਚੰਡੀਗੜ੍ਹ ਇੰਟਰਨੈਸ਼ਨਲ ਏਅਰਪੋਰਟ ਲਿਮਟਿਡ ਅਤੇ ਏਅਰਪੋਰਟ ਅਥਾਰਟੀ ਆਫ ਇੰਡੀਆ ਕਾਰਗੋ ਐਂਡ ਲੌਜਿਸਟਿਕ ਅਲਾਈਡ ਸਰਵਿਸਿਜ਼ ਕੰਪਨੀ ਲਿਮਟਿਡ ਵਿਚਕਾਰ ਵੀ ਇਕ ਸਮਝੌਤੇ ਤੇ ਹਸਤਾਖਰ ਕੀਤੇ ਗਏ ਹਨ। ਮੇਰੀ ਸਰਕਾਰ ਸਿਵਲ ਟਰਮੀਨਲਜ਼ ਦੀ

ਉਸਾਰੀ ਮੁਕੰਮਲ ਕਰੇਗੀ ਅਤੇ 31 ਜੁਲਾਈ ਤੱਕ ਹਲਵਾਰਾ ਅਤੇ ਆਦਮਪੁਰ ਹਵਾਈ ਅੱਡਿਆਂ ਨੂੰ ਘਰੇਲੂ ਯਾਤਰੀਆਂ ਲਈ ਆਰੰਭ ਕਰ ਦੇਵੇਗੀ।

41. ਮੇਰੀ ਸਰਕਾਰ ਈ-ਗਵਰਨੈਂਸ ਰਾਹੀਂ ਕੁਸ਼ਲ, ਪਾਰਦਰਸ਼ੀ ਅਤੇ ਪਹੁੰਚਯੋਗ ਪ੍ਰਸ਼ਾਸਨ ਦਾ ਮਾਹੌਲ ਬਣਾਉਣ ਲਈ ਵਚਨਬੱਧ ਹੈ। ਸਰਕਾਰ ਡਿਜੀਟਲ ਤਰੀਕੇ ਰਾਹੀਂ ਨਾਗਰਿਕਾਂ ਨੂੰ ਸਮੇਂ ਸਿਰ ਸੇਵਾਵਾਂ ਪ੍ਰਦਾਨ ਕਰਨ ਵਿੱਚ ਵਧੇਰੇ ਕੁਸ਼ਲਤਾ, ਪਾਰਦਰਸ਼ਤਾ ਅਤੇ ਜਵਾਬਦੇਹੀ ਲਿਆਉਣ ਦੇ ਯਤਨ ਕਰ ਰਹੀ ਹੈ। ਜਨਮ ਅਤੇ ਮੌਤ ਦੇ ਸਰਟੀਫਿਕੇਟ ਦੀਆਂ ਕਾਪੀਆਂ ਅਤੇ ਤਸਦੀਕਸ਼ੁਦਾ ਹਲਫਨਾਮੇ ਵਰਗੀਆਂ ਸੇਵਾਵਾਂ ਹੁਣ ਉਸੇ ਦਿਨ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਨਾਗਰਿਕ ਆਪਣੇ ਅਸਲ ਦਸਤਾਵੇਜ਼ ਲੈ ਕੇ ਸੇਵਾ ਕੇਂਦਰ ਜਾ ਕੇ ਬਿਨਾਂ ਕੋਈ ਫਾਰਮ ਭਰੇ ਸੇਵਾ ਲਈ ਅਪਲਾਈ ਕਰ ਸਕਦੇ ਹਨ। ਸਰਟੀਫਿਕੇਟ 'ਤੇ ਹੁਣ ਡਿਜੀਟਲ ਹਸਤਾਖਰ ਕੀਤੇ ਜਾਂਦੇ ਹਨ। ਈ-ਆਫਿਸ ਨੂੰ ਸਾਰੇ ਪ੍ਰਸ਼ਾਸਨਿਕ ਵਿਭਾਗਾਂ, ਡੀਸੀ/ਐਸਡੀਐਮ/ਤਹਿਸੀਲ/ਉਪ-ਤਹਿਸੀਲ ਦੇ ਦਫ਼ਤਰਾਂ, ਡਾਇਰੈਕਟੋਰੇਟਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਯੂਨੀਵਰਸਿਟੀਆਂ ਵਿੱਚ ਲਾਗੂ ਕੀਤਾ ਗਿਆ ਹੈ। ਮੇਰੀ ਸਰਕਾਰ ਨਾਗਰਿਕਾਂ ਲਈ ਘਰ-ਘਰ ਡਿਲੀਵਰੀ ਨੂੰ ਸ਼ੁਰੂ ਕਰਨ ਦੇ ਅਮਲ ਵਿੱਚ ਵੀ ਹੈ। ਇਸ ਤੋਂ ਬਾਅਦ, ਰਸੀਦ ਜਾਰੀ ਕਰਨਾ ਅਤੇ ਸਰਟੀਫਿਕੇਟਾਂ ਦੀ ਡਿਲੀਵਰੀ ਵਟਸਐਪ ਰਾਹੀਂ ਸ਼ੁਰੂ ਕੀਤੀ ਜਾਵੇਗੀ।

42. ਪਿਆਰੇ ਸਾਥੀਓ, ਮੈਨੂੰ ਇਹ ਦੱਸਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਰਾਸ਼ਟਰੀ ਈ-ਵਿਧਾਨ ਐਪਲੀਕੇਸ਼ਨ (ਨੇਵਾ) ਪ੍ਰੋਜੈਕਟ ਦੇ ਤਹਿਤ ਰਾਜ ਵਿਧਾਨ ਸਭਾ ਦੇ ਕੰਮਕਾਜ ਨੂੰ ਕਾਗਜ਼

ਰਹਿਤ ਬਣਾਇਆ ਜਾਵੇਗਾ। ਇਸ ਨਾਲ, ਪਾਰਦਰਸ਼ੀ ਅਤੇ ਜਵਾਬਦੇਹ ਪ੍ਰਕਿਰਿਆਵਾਂ ਦੇ ਨਾਲ-ਨਾਲ ਫੈਸਲਿਆਂ ਅਤੇ ਦਸਤਾਵੇਜ਼ਾਂ ਦਾ ਪਤਾ ਲਗਾਉਣ ਲਈ ਜਾਣਕਾਰੀ ਸਾਂਝੀ ਕਰਨਾ ਸੌਖਾ ਹੋ ਜਾਵੇਗਾ। ਸਟੇਟ ਡਾਟਾ ਪਾਲਿਸੀ ਨੂੰ ਅਜਿਹੇ ਪਲੇਟਫਾਰਮਾਂ ਦੀ ਸਿਰਜਣਾ ਨੂੰ ਸਮਰੱਥ ਬਣਾਉਣ ਲਈ ਕਾਰਜਸ਼ੀਲ ਕੀਤਾ ਜਾ ਰਿਹਾ ਹੈ, ਜਿਸ ਨਾਲ ਵਿਭਾਗਾਂ ਕੋਲ ਉਪਲਬਧ ਡੇਟਾ ਦੀ ਅੰਤਰ-ਕਾਰਜਸ਼ੀਲਤਾ ਵਧਾ ਕੇ ਬਿਹਤਰ ਨਾਗਰਿਕ ਡਿਲੀਵਰੀ ਕੀਤੀ ਜਾ ਸਕੇਗੀ।

43. ਮੇਰੀ ਸਰਕਾਰ ਬਜ਼ੁਰਗਾਂ, ਵਿਧਵਾਵਾਂ, ਆਸ਼ਰਿਤ ਬੱਚਿਆਂ ਅਤੇ ਅਪਾਹਜਾਂ ਨੂੰ ਸਵੈ-ਨਿਰਭਰ ਬਣਾਉਣ ਅਤੇ ਉਨ੍ਹਾਂ ਦੀ ਸਮਾਜਿਕ ਅਤੇ ਆਰਥਿਕ ਸਥਿਤੀ ਨੂੰ ਉੱਚਾ ਚੁੱਕਣ ਲਈ ਵਚਨਬੱਧ ਹੈ। ਇਸ ਮੰਤਵ ਲਈ ਅਕਤੂਬਰ, 2022 ਤੱਕ 3.76 ਲੱਖ ਲਾਭਪਾਤਰੀਆਂ ਨੂੰ 3419.19 ਕਰੋੜ ਰੁਪਏ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ। ਅਪਾਹਜ ਵਿਅਕਤੀਆਂ ਲਈ ਇੱਕ ਰਾਸ਼ਟਰੀ ਡਾਟਾਬੇਸ ਬਣਾਉਣ ਦੇ ਉਦੇਸ਼ ਨਾਲ ਰਾਜ ਦੇ 102 ਹਸਪਤਾਲਾਂ ਵਿੱਚ 'ਅਪੰਗ ਵਿਅਕਤੀਆਂ ਲਈ ਵਿਲੱਖਣ ਸ਼ਨਾਖ਼ਤੀ ਕਾਰਡ ਪ੍ਰੋਜੈਕਟ' ਨੂੰ ਲਾਗੂ ਕੀਤਾ ਗਿਆ ਹੈ।

44. ਏਕੀਕ੍ਰਿਤ ਬਾਲ ਵਿਕਾਸ ਸੇਵਾਵਾਂ ਯੋਜਨਾ (ਆਈ ਸੀ ਡੀ ਐਸ) ਦਾ ਪੂਰਕ ਪੋਸ਼ਣ ਪ੍ਰੋਗਰਾਮ ਰਾਜ ਦੁਆਰਾ 27,314 ਆਂਗਣਵਾੜੀ ਕੇਂਦਰਾਂ ਰਾਹੀਂ 155 ਬਲਾਕਾਂ ਵਿੱਚ ਲਾਗੂ ਕੀਤਾ ਜਾ ਰਿਹਾ ਹੈ, ਜਿਸਦਾ ਉਦੇਸ਼ ਮਾਵਾਂ, ਬੱਚਿਆਂ ਅਤੇ ਕਿਸ਼ੋਰ ਲੜਕੀਆਂ ਦੀ

ਸਿਹਤ, ਪੋਸ਼ਣ ਅਤੇ ਸਿੱਖਣ ਦੇ ਮੌਕਿਆਂ ਨੂੰ ਵਧਾਉਣਾ ਹੈ। ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਕੁਪੋਸ਼ਣ, ਸਟੰਟਿੰਗ, ਜਨਮ ਸਮੇਂ ਘੱਟ ਵਜ਼ਨ ਅਤੇ ਅਨੀਮੀਆ ਨੂੰ ਘਟਾਉਣ ਲਈ 'ਪੋਸ਼ਣ ਅਭਿਆਨ' ਲਾਗੂ ਕੀਤਾ ਜਾ ਰਿਹਾ ਹੈ। ਕਿਸੇ ਵੀ ਕਿਸਮ ਦੀ ਹਿੰਸਾ ਤੋਂ ਪ੍ਰਭਾਵਿਤ ਔਰਤਾਂ ਨੂੰ ਮੈਡੀਕਲ, ਕਾਨੂੰਨੀ, ਮਨੋਵਿਗਿਆਨਕ ਅਤੇ ਕਾਊਂਸਲਿੰਗ ਸਮੇਤ ਤੁਰੰਤ ਐਮਰਜੈਂਸੀ ਅਤੇ ਨਾਨ-ਐਮਰਜੈਂਸੀ ਸੇਵਾਵਾਂ ਪ੍ਰਦਾਨ ਕਰਨ ਲਈ ਪੰਜਾਬ ਦੇ ਹਰੇਕ ਜ਼ਿਲ੍ਹੇ ਵਿੱਚ ਵਨ ਸਟਾਪ ਸੈਂਟਰ ਸਥਾਪਿਤ ਕੀਤੇ ਗਏ ਹਨ। ਇਹ ਦੱਸਣ ਦੀ ਲੋੜ ਨਹੀਂ ਕਿ ਵਿੱਤੀ ਔਕੜਾਂ ਦੇ ਬਾਵਜੂਦ ਮੇਰੀ ਸਰਕਾਰ ਨੇ ਪੰਜਾਬ ਦੀਆਂ ਮਹਿਲਾਵਾਂ ਨੂੰ ਸਰਕਾਰੀ ਬੱਸਾਂ ਵਿੱਚ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਜਾਰੀ ਰੱਖੀ ਹੋਈ ਹੈ।

45. ਔਰਤਾਂ ਅਤੇ ਲੜਕੀਆਂ ਦੀ ਮਾਹਵਾਰੀ ਸਫਾਈ ਨੂੰ ਧਿਆਨ ਵਿੱਚ ਰੱਖਦੇ ਹੋਏ, ਮੇਰੀ ਸਰਕਾਰ ਨੇ 'ਉਡਾਨ ਯੋਜਨਾ' ਨਾਮਕ ਇੱਕ ਮੁਫਤ ਸੈਨੇਟਰੀ ਪੈਡ ਯੋਜਨਾ ਸ਼ੁਰੂ ਕੀਤੀ ਹੈ। ਇਸ ਸਕੀਮ ਤਹਿਤ 31.10.2022 ਤੱਕ ਪੰਜਾਬ ਭਰ ਵਿੱਚ ਆਂਗਣਵਾੜੀ ਕੇਂਦਰਾਂ ਰਾਹੀਂ 4.56 ਕਰੋੜ (ਲਗਭਗ) ਸੈਨੇਟਰੀ ਪੈਡ ਵੰਡੇ ਜਾ ਚੁੱਕੇ ਹਨ। ਔਰਤਾਂ ਦੀ ਅਗਵਾਈ ਵਾਲੇ ਪਰਿਵਾਰਾਂ ਦੇ ਸਸ਼ਕਤੀਕਰਨ ਲਈ 'ਮਾਤਾ ਤ੍ਰਿਪਤਾ ਮਹਿਲਾ ਯੋਜਨਾ' ਵੀ ਲਾਗੂ ਕੀਤੀ ਗਈ ਹੈ। ਇਸ ਤੋਂ ਇਲਾਵਾ, ਸਮਾਜ ਦੇ ਆਰਥਿਕ ਤੌਰ ਤੇ ਕਮਜ਼ੋਰ ਵਰਗ ਦੇ ਪਰਿਵਾਰਾਂ ਅਤੇ ਆਪਣੇ ਬੱਚਿਆਂ ਦੀ ਦੇਖਭਾਲ ਕਰਨ ਤੋਂ ਅਸਮਰੱਥ ਪਰਿਵਾਰਾਂ ਨੂੰ

'ਸਪਾਂਸਰਸ਼ਿਪ ਅਤੇ ਪਾਲਣ-ਪੋਸ਼ਣ ਯੋਜਨਾ' ਤਹਿਤ ਪ੍ਰਤੀ ਬੱਚਾ 2000 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ।

46. ਮੇਰੀ ਸਰਕਾਰ ਕਾਨੂੰਨ ਅਤੇ ਆਪਣੇ ਲੋਕਾਂ ਦੀ ਸੁਰੱਖਿਆ ਦੇ ਮਾਮਲੇ ਵਿਚ ਕਦੇ ਵੀ ਸਮਝੌਤਾ ਨਹੀਂ ਕਰੇਗੀ। ਵਿੱਤੀ ਸਾਲ 2022-23 ਵਿੱਚ ਪੁਲਿਸ ਵਿਭਾਗ ਨੂੰ ਲੋੜੀਂਦੇ ਫੰਡ ਅਲਾਟ ਕੀਤੇ ਗਏ ਹਨ। ਗੈਂਗਸਟਰ ਕਲਚਰ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕਰਨ ਅਤੇ ਕਾਨੂੰਨ-ਵਿਵਸਥਾ ਵਿੱਚ ਲੋਕਾਂ ਦਾ ਵਿਸ਼ਵਾਸ ਬਹਾਲ ਕਰਨ ਲਈ, ਏਡੀਜੀਪੀ ਰੈਂਕ ਦੇ ਅਫ਼ਸਰ ਦੀ ਅਗਵਾਈ ਵਿੱਚ ਇੱਕ ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਦਾ ਗਠਨ ਕੀਤਾ ਗਿਆ ਹੈ। ਇਸ ਯੂਨਿਟ ਨੇ ਰਾਜ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਗੈਂਗਸਟਰਾਂ ਅਤੇ ਅਪਰਾਧੀਆਂ ਵਿਰੁੱਧ ਓਪਰੇਸ਼ਨਾਂ ਦੀ ਅਗਵਾਈ ਸਮਰਪਿਤ ਭਾਵਨਾ ਨਾਲ ਕੀਤੀ ਹੈ। ਏ.ਜੀ.ਟੀ.ਐਫ ਦੁਆਰਾ ਕੀਤੀ ਗਈ ਪ੍ਰਭਾਵੀ ਅਤੇ ਸਮੇਂ ਸਿਰ ਕਾਰਵਾਈ ਦੀ ਬਦੌਲਤ ਕਈ ਵਾਂਟਿਡ ਗੈਂਗਸਟਰਾਂ ਅਤੇ ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਵੱਖ-ਵੱਖ ਗੈਂਗਸਟਰ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਗਿਆ ਹੈ, ਇਸ ਤੋਂ ਇਲਾਵਾ ਵੱਡੀ ਮਾਤਰਾ ਵਿੱਚ ਹਥਿਆਰ ਅਤੇ ਗੋਲਾ ਬਾਰੂਦ ਅਤੇ ਅਪਰਾਧਿਕ ਗਤੀਵਿਧੀਆਂ ਵਿੱਚ ਵਰਤੇ ਜਾਣ ਵਾਲੇ ਵਾਹਨਾਂ ਦੀ ਬਰਾਮਦਗੀ ਹੋਈ ਹੈ। ਪੰਜਾਬ ਪੁਲਿਸ ਨੇ 16 ਮਾਰਚ, 2022 ਤੋਂ ਹੁਣ ਤੱਕ 555 ਗੈਂਗਸਟਰਾਂ/ਅਪਰਾਧੀਆਂ ਨੂੰ ਗ੍ਰਿਫਤਾਰ ਕਰਨ, 140 ਗੈਂਗਸਟਰਾਂ/ਅਪਰਾਧੀ ਮਾਡਿਊਲਾਂ ਦਾ ਪਰਦਾਫਾਸ਼ ਕਰਨ ਅਤੇ ਪੰਜ ਗੈਂਗਸਟਰਾਂ ਨੂੰ ਖਤਮ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ ਅਤੇ ਇਸੇ ਸਮੇਂ ਦੌਰਾਨ

ਇਨ੍ਹਾਂ ਦੇ ਕਬਜ਼ੇ ਚੋਂ ਅਪਰਾਧਿਕ ਗਤੀਵਿਧੀਆਂ 'ਚ ਵਰਤੇ ਜਾਂਦੇ 510 ਹਥਿਆਰ ਅਤੇ 129 ਵਾਹਨ ਬਰਾਮਦ ਕੀਤੇ ਗਏ ਹਨ।

47. ਪੁਲਿਸ ਥਾਣਿਆਂ ਵਿੱਚ ਮਹਿਲਾ ਹੈਲਪ-ਡੈਸਕਾਂ ਦਾ ਸਥਾਪਿਤ ਹੋਣਾ ਇਸਤਰੀਆਂ, ਬੱਚਿਆਂ ਅਤੇ ਬਜ਼ੁਰਗ ਨਾਗਰਿਕਾਂ ਵਿਚ ਵਿਸ਼ਵਾਸ ਪੈਦਾ ਕਰਨ ਦਾ ਉਪਰਾਲਾ ਹੈ। ਇਸ ਨਾਲ ਉਨ੍ਹਾਂ ਨੂੰ ਭਰੋਸਾ ਹੋਵੇਗਾ ਕਿ ਪੁਲਿਸ ਸਟੇਸ਼ਨ ਵਿੱਚ ਜਾਣ ਤੇ, ਉਨ੍ਹਾਂ ਦੀਆਂ ਸ਼ਿਕਾਇਤਾਂ ਮਹਿਲਾ ਪੁਲਿਸ ਅਧਿਕਾਰੀਆਂ ਦੁਆਰਾ ਸੁਣੀਆਂ ਜਾਣਗੀਆਂ, ਖਾਸ ਕਰਕੇ ਜਿਨਸੀ ਹਿੰਸਾ/ਘਰੇਲੂ ਸ਼ੋਸ਼ਣ ਦੇ ਪੀੜਤਾਂ ਦੇ ਮਾਮਲੇ ਵਿੱਚ। ਇਸੇ ਅਨੁਸਾਰ, ਪੰਜਾਬ ਰਾਜ ਦੇ ਸਾਰੇ ਥਾਣਿਆਂ ਅਤੇ ਪੁਲਿਸ ਚੌਕੀਆਂ ਵਿੱਚ ਮਹਿਲਾ ਹੈਲਪ ਡੈਸਕ ਸਥਾਪਿਤ ਕਰਨ ਉਪਰੰਤ ਕਾਰਜਸ਼ੀਲ ਕੀਤੇ ਗਏ ਹਨ। ਮੇਰੀ ਸਰਕਾਰ ਨੇ, ਸਾਡੇ ਲੋਕਾਂ ਨੂੰ ਸਾਈਬਰ ਅਪਰਾਧ ਤੋਂ ਬਚਾਉਣ ਲਈ, ਸਟੇਟ ਸਾਈਬਰ ਕ੍ਰਾਈਮ ਸੈੱਲ ਵਿਖੇ ਡਿਜੀਟਲ ਇਨਵੈਸਟੀਗੇਸ਼ਨ ਟਰੇਨਿੰਗ ਐਂਡ ਇਨੈਲਸਿਸ ਸੈਂਟਰ ਅਤੇ ਜ਼ਿਲ੍ਹਾ ਪੱਧਰ ਤੇ ਸਾਈਬਰ ਕਰਾਈਮ ਇਨਵੈਸਟੀਗੇਸ਼ਨ ਐਂਡ ਟੈਕਨੀਕਲ ਸਪੋਰਟ ਯੂਨਿਟਾਂ ਨੂੰ ਅਪਗ੍ਰੇਡ ਕਰਨ ਲਈ 30 ਕਰੋੜ ਰੁਪਏ ਮਨਜ਼ੂਰ ਕੀਤੇ ਹਨ।

48. ਪੰਜਾਬ ਲੋਕ ਸੇਵਾ ਕਮਿਸ਼ਨ ਵੱਲੋਂ ਫਰਵਰੀ 2023 ਤੱਕ ਵੱਖ-ਵੱਖ ਵਿਭਾਗਾਂ ਦੀਆਂ 854 ਅਸਾਮੀਆਂ ਦੀ ਭਰਤੀ ਲਈ ਲਿਖਤੀ ਪ੍ਰੀਖਿਆ ਲਈ ਗਈ ਹੈ। ਇਸ ਤੋਂ ਇਲਾਵਾ ਵੱਖ-

ਵੱਖ ਵਿਭਾਗਾਂ ਦੀਆਂ 2178 ਅਸਾਮੀਆਂ ਲਈ ਇਸ਼ਤਿਹਾਰ ਵੱਖ-ਵੱਖ ਅਖਬਾਰਾਂ ਵਿੱਚ ਪ੍ਰਕਾਸ਼ਿਤ ਕੀਤੇ ਗਏ ਹਨ ਅਤੇ ਇਹ ਪ੍ਰੀਖਿਆ ਜਲਦੀ ਹੀ ਕਰਵਾਈ ਜਾਵੇਗੀ।

49. ਮੇਰੀ ਸਰਕਾਰ ਪੰਜਾਬ ਦੇ 163 ਕਸਬਿਆਂ ਜਿੱਥੇ 40 ਫੀਸਦੀ ਆਬਾਦੀ ਰਹਿੰਦੀ ਹੈ, ਵਿੱਚ ਨਾਗਰਿਕ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਪਟਿਆਲਾ, ਜਲੰਧਰ ਅਤੇ ਅੰਮ੍ਰਿਤਸਰ ਵਿਖੇ 24x7 ਘੰਟੇ ਨਹਿਰੀ ਜਲ ਸਪਲਾਈ ਪ੍ਰੋਜੈਕਟਾਂ ਲਈ 1500 ਕਰੋੜ ਰੁਪਏ ਦੇ ਪ੍ਰੋਜੈਕਟ ਚੱਲ ਰਹੇ ਹਨ। ਲੁਧਿਆਣਾ ਲਈ 1537 ਕਰੋੜ ਰੁਪਏ ਦੀ ਲਾਗਤ ਵਾਲਾ ਨਹਿਰੀ 24x7 ਘੰਟੇ ਜਲ ਸਪਲਾਈ ਪ੍ਰੋਜੈਕਟ ਟੈਂਡਰ ਅਧੀਨ ਹੈ। ਲੁਧਿਆਣਾ ਵਿਖੇ 650 ਕਰੋੜ ਰੁਪਏ ਦੀ ਲਾਗਤ ਨਾਲ ਬੁੱਢਾ ਦਰਿਆ ਦੇ ਕਾਇਆ-ਕਲਪ ਦਾ ਕੰਮ ਚੱਲ ਰਿਹਾ ਹੈ ਅਤੇ ਇਸ ਸਾਲ ਵਿੱਚ ਇਸ ਦੇ ਪੂਰਾ ਹੋਣ ਦੀ ਉਮੀਦ ਹੈ। ਸ਼ਹਿਰੀ-ਪੰਜਾਬ ਨੇ ਘਰ-ਘਰ ਜਾ ਕੇ 99% ਠੋਸ ਕੂੜਾ ਇਕੱਠਾ ਕੀਤਾ ਹੈ ਜਿਸ ਦਾ ਸਰੋਤ ਵਖਰੇਵਾਂ 84% ਹੈ। ਇਸ ਨੂੰ ਮਾਰਚ 2023 ਅਤੇ ਦਸੰਬਰ 2023 ਤੱਕ ਕ੍ਰਮਵਾਰ 100% ਤੱਕ ਵਧਾਉਣ ਦੀ ਯੋਜਨਾ ਹੈ। ਮੇਰੀ ਸਰਕਾਰ ਮਾਰਚ, 2024 ਤੱਕ ਸਾਰੀਆਂ 152 ਪੁਰਾਣੀਆਂ ਕੂੜਾ ਡੰਪ ਸਾਈਟਾਂ ਨੂੰ ਦਰੁਸਤ ਕਰਨ ਦੀ ਯੋਜਨਾ ਬਣਾ ਰਹੀ ਹੈ।

50. ਸਮਾਰਟ ਸਿਟੀ ਮਿਸ਼ਨ ਤਹਿਤ ਲੁਧਿਆਣਾ, ਅੰਮ੍ਰਿਤਸਰ ਅਤੇ ਜਲੰਧਰ ਵਿੱਚ 2796.92 ਕਰੋੜ ਰੁਪਏ ਦੇ ਪ੍ਰੋਜੈਕਟ ਚੱਲ ਰਹੇ ਹਨ। ਇਸੇ ਤਰਜ਼ ਤੇ ਸੁਲਤਾਨਪੁਰ ਲੋਧੀ ਵਿਚ 271.11 ਕਰੋੜ ਰੁਪਏ ਦੀ ਲਾਗਤ ਨਾਲ ਯੋਜਨਾ ਉਲੀਕੀ ਗਈ ਹੈ। ਲੁਧਿਆਣਾ,

ਅੰਮ੍ਰਿਤਸਰ, ਜਲੰਧਰ ਅਤੇ ਸੁਲਤਾਨਪੁਰ ਲੋਧੀ ਵਿਖੇ 243.92 ਕਰੋੜ ਰੁਪਏ ਦੀ ਲਾਗਤ ਨਾਲ ਏਕੀਕ੍ਰਿਤ ਕਮਾਂਡ ਐਂਡ ਕੰਟਰੋਲ ਸੈਂਟਰ ਲਾਗੂ ਕੀਤੇ ਜਾ ਰਹੇ ਹਨ। ਮੇਰੀ ਸਰਕਾਰ ਦੀ ਅੰਮ੍ਰਿਤਸਰ ਵਿੱਚ ਮੌਜੂਦਾ ਬੀ ਆਰ ਟੀ ਐਸ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਅੰਮ੍ਰਿਤਸਰ ਸ਼ਹਿਰ ਦੇ ਬਾਹਰੀ ਰਿੰਗ ਰੋਡ ਅਤੇ ਮੋਹਾਲੀ ਕਲੱਸਟਰ (ਖਰੜ ਤੋਂ ਡੇਰਾਬੱਸੀ) ਵਿੱਚ ਸਿਟੀ ਬੱਸ ਸੇਵਾ ਸ਼ੁਰੂ ਕਰਨ ਦੀ ਯੋਜਨਾ ਹੈ।

51. ਸਾਈਬਰ ਅਪਰਾਧੀਆਂ ਦੁਆਰਾ ਦਰਪੇਸ਼ ਨਵੀਨਤਮ ਚੁਣੌਤੀਆਂ ਦਾ ਸਾਹਮਣਾ ਕਰਨ ਅਤੇ ਸਾਡੇ ਲੋਕਾਂ ਨੂੰ ਸਾਈਬਰ ਅਪਰਾਧ ਤੋਂ ਬਚਾਉਣ ਲਈ, ਮੇਰੀ ਸਰਕਾਰ ਨੇ ਸਟੇਟ ਸਾਈਬਰ ਕ੍ਰਾਈਮ ਸੈੱਲ ਵਿਖੇ ਡਿਜੀਟਲ ਪੜਤਾਲ ਸਿਖਲਾਈ ਅਤੇ ਵਿਸ਼ਲੇਸ਼ਣ ਕੇਂਦਰ (ਡੀਆਈਟੀਏਸੀ ਲੈਬ) ਅਤੇ ਜ਼ਿਲ੍ਹਾ ਪੱਧਰ ਤੇ ਸੀਆਈ ਐਂਡ ਟੀਐਸਯੂ (ਸਾਈਬਰ ਅਪਰਾਧ ਪੜਤਾਲ ਅਤੇ ਤਕਨੀਕੀ ਸਹਾਇਤਾ ਯੂਨਿਟ) ਦੇ ਅਪਗ੍ਰੇਡੇਸ਼ਨ ਲਈ 30 ਕਰੋੜ ਰੁਪਏ ਮਨਜ਼ੂਰ ਕੀਤੇ ਹਨ।

52. ਪੰਜਾਬ ਬਾਇਓਟੈਕਨਾਲੋਜੀ ਇਨਕਿਊਬੇਟਰ (ਪੀਬੀਟੀਆਈ) 2023 ਤੋਂ ਨਾਲੇਜ ਸਿਟੀ, ਮੋਹਾਲੀ ਵਿਖੇ 01 ਏਕੜ ਜ਼ਮੀਨ ਤੇ ਬਣਨ ਵਾਲੀ ਆਪਣੀ ਅਤਿ-ਆਧੁਨਿਕ ਇਮਾਰਤ ਤੋਂ ਕਾਮਨ ਇੰਸਟਰੂਮੈਂਟੇਸ਼ਨ ਅਤੇ ਪਲੱਗ ਐਂਡ ਪਲੇ ਸੇਵਾਵਾਂ ਸਮੇਤ ਸਟਾਰਟਅੱਪਸ ਨੂੰ ਇਨਕਿਊਬੇਸ਼ਨ ਸੇਵਾਵਾਂ ਪ੍ਰਦਾਨ ਕਰਨਾ ਸ਼ੁਰੂ ਕਰ ਦੇਵੇਗਾ। ਇਸ ਤੋਂ ਇਲਾਵਾ, ਪੀਬੀਟੀਆਈ ਭਾਰਤ ਸਰਕਾਰ ਦੀ ਵਿੱਤੀ ਸਹਾਇਤਾ ਨਾਲ ਆਪਣੀ ਤਿਆਰ ਹੋਣ ਵਾਲੀ

ਇਮਾਰਤ ਵਿੱਚ ਭੋਜਨ, ਪਾਣੀ, ਖੇਤੀਬਾੜੀ ਅਤੇ ਵਾਤਾਵਰਣ ਦੇ ਖੇਤਰਾਂ ਵਿੱਚ ਗਿਆਨ ਅਤੇ ਹੁਨਰ ਵਧਾਊ ਕੇਂਦਰ ਵੀ ਸਥਾਪਤ ਕਰ ਰਿਹਾ ਹੈ।

53. ਚਾਲੂ ਮਾਲੀ ਸਾਲ ਦੌਰਾਨ 1000 ਹੋਰ ਡੇਅਰੀ ਸਹਿਕਾਰਤਾਵਾਂ ਨੂੰ ਆਨਲਾਈਨ ਦੁੱਧ ਦੀ ਖਰੀਦ ਪ੍ਰਣਾਲੀ ਦੇ ਦਾਇਰੇ ਵਿੱਚ ਲਿਆਂਦਾ ਗਿਆ ਹੈ। ਇਸ ਤੋਂ ਇਲਾਵਾ, ਵੇਰਕਾ ਲੁਧਿਆਣਾ ਡੇਅਰੀ ਵਿਖੇ ਤਾਜ਼ੇ ਦੁੱਧ ਅਤੇ ਫਰਮੈਂਟ ਕੀਤੇ ਉਤਪਾਦਾਂ ਦੀ ਸਵੈ-ਚਲਤ ਦੁੱਧ ਪ੍ਰਾਪਤੀ, ਪ੍ਰੋਸੈਸਿੰਗ ਅਤੇ ਪੈਕਿੰਗ ਲਈ ਨਵੀਂ ਇਮਾਰਤ ਦਾ ਉਦਘਾਟਨ ਕੀਤਾ ਗਿਆ ਹੈ। ਮਿਲਕ ਪਲਾਂਟ ਲੁਧਿਆਣਾ ਦੀ ਹੈਂਡਲਿੰਗ ਸਮਰੱਥਾ 4 ਐਲ ਐਲ ਪੀ ਡੀ ਤੋਂ ਵਧਾ ਕੇ 9 ਐਲ ਐਲ ਪੀ ਡੀ ਕਰ ਦਿੱਤੀ ਗਈ ਹੈ। ਵੇਰਕਾ ਫਿਰੋਜ਼ਪੁਰ ਡੇਅਰੀ ਵਿਖੇ 1 ਐਲਐਲਪੀਡੀ ਸਮਰੱਥਾ ਵਾਲੇ ਤਰਲ ਦੁੱਧ ਦੀ ਪ੍ਰੋਸੈਸਿੰਗ ਅਤੇ ਪੈਕੇਜਿੰਗ ਯੂਨਿਟ ਦਾ ਵੀ ਉਦਘਾਟਨ ਕੀਤਾ ਗਿਆ।

54. ਅਪ੍ਰੈਲ-ਦਸੰਬਰ, 2022 ਦੀ ਮਿਆਦ ਦੇ ਦੌਰਾਨ ਵੱਖ-ਵੱਖ ਟੈਕਸਾਂ ਤੋਂ ਰਾਜ ਦੀ ਕੁੱਲ ਮਾਲੀਆ ਵਸੂਲੀ ਪਿਛਲੇ ਸਾਲ ਦੇ ਮੁਕਾਬਲੇ 12.83% ਵਧੀ ਹੈ, ਭਾਵ ਅਪ੍ਰੈਲ-ਦਸੰਬਰ, 2021 ਦੌਰਾਨ ਪਿਛਲੇ ਸਾਲ ਦੀ ਇਸੇ ਮਿਆਦ ਦੌਰਾਨ ਇਕੱਤਰ ਕੀਤੇ 25,463.66 ਕਰੋੜ ਰੁਪਏ ਦੇ ਮੁਕਾਬਲੇ 28,730.26 ਕਰੋੜ ਰੁਪਏ ਦੀ ਵਸੂਲੀ ਹੋਈ। ਰਾਜ ਦੀ ਨਿਰੋਲ ਜੀਐਸਟੀ ਕੁਲੈਕਸ਼ਨ ਵਿਚ 17.22% ਦਾ ਵਾਧਾ ਹੋਇਆ ਹੈ ਭਾਵ ਅਪ੍ਰੈਲ 2021 ਤੋਂ ਜਨਵਰੀ 2022 ਦੌਰਾਨ 12,799 ਕਰੋੜ ਰੁਪਏ ਦੇ ਮੁਕਾਬਲੇ ਅਪ੍ਰੈਲ

2022 ਤੋਂ ਜਨਵਰੀ 2023 ਦੀ ਇਸੇ ਮਿਆਦ ਦੌਰਾਨ 15,003 ਕਰੋੜ ਰੁਪਏ ਦਾ ਵਾਧਾ ਹੋਇਆ। ਇਸੇ ਤਰ੍ਹਾਂ, ਆਬਕਾਰੀ ਮਾਲੀਆ ਵੀ ਅਪ੍ਰੈਲ 2022 ਤੋਂ ਜਨਵਰੀ 2023 ਦੀ ਮਿਆਦ ਵਿੱਚ 2059 ਕਰੋੜ ਰੁਪਏ (40%) ਭਾਵ 7205.90 ਕਰੋੜ ਰੁਪਏ ਵਧਿਆ ਹੈ, ਜਦੋਂ ਕਿ 2021-22 ਦੀ ਇਸੇ ਮਿਆਦ ਵਿੱਚ 5147 ਕਰੋੜ ਰੁਪਏ ਦਾ ਵਾਧਾ ਹੋਇਆ ਸੀ।

55. ਮੇਰੀ ਸਰਕਾਰ ਨੇ ਸਾਉਣੀ ਖਰੀਦ ਸੀਜ਼ਨ (ਕੇ ਐਮ ਐਸ) ਸਾਲ 2022-23 ਦੌਰਾਨ 191 ਐਲਐਮਟੀ ਝੋਨਾ ਦੀ ਸਮੇਂ 'ਤੇ ਖਰੀਦ ਲਈ ਸਾਰੇ ਪ੍ਰਬੰਧ ਕੀਤੇ। ਇਸ ਤੋਂ ਇਲਾਵਾ, ਸਰਕਾਰੀ ਖਰੀਦ ਏਜੰਸੀਆਂ ਸਮੇਤ ਐਫਸੀਆਈ ਦੁਆਰਾ 182.11 ਐਲਐਮਟੀ ਝੋਨੇ ਦੀ ਖਰੀਦ ਕੀਤੀ ਗਈ। ਲਗਭਗ 8 ਲੱਖ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 37,514 ਕਰੋੜ ਰੁਪਏ ਟ੍ਰਾਂਸਫਰ ਕੀਤੇ ਗਏ। ਮੈਨੂੰ ਇਹ ਦੱਸਦਿਆਂ ਖੁਸ਼ੀ ਹੋ ਰਹੀ ਹੈ ਕਿ ਮੇਰੀ ਸਰਕਾਰ ਅਗਲੇ ਹਾੜੀ ਖਰੀਦ ਸੀਜ਼ਨ (ਆਰ ਐਮ ਐਸ) ਸਾਲ 2023-24 ਦੌਰਾਨ ਰਾਜ ਵਿੱਚ 132 ਐਲਐਮਟੀ ਕਣਕ ਦੀ ਖਰੀਦ ਲਈ ਪੂਰੀ ਤਰ੍ਹਾਂ ਤਿਆਰ ਹੈ। ਪੰਜਾਬ ਰਾਜ ਵਿੱਚ ਮਿਤੀ 31.05.2022 ਨੂੰ ਆਰ ਐਮ ਐਸ 2022-23 ਸਫ਼ਲਤਾਪੂਰਵਕ ਪੂਰਾ ਕੀਤਾ ਗਿਆ ਅਤੇ ਸਰਕਾਰੀ ਖਰੀਦ ਏਜੰਸੀਆਂ ਦੁਆਰਾ 96.45 ਐਲ ਐਮ ਟੀ ਕਣਕ ਦੀ ਖਰੀਦ ਕੀਤੀ ਗਈ। 7,51,416 ਕਿਸਾਨਾਂ ਦੇ ਬੈਂਕ ਖਾਤਿਆਂ ਵਿਚ ਸਿੱਧੇ ਐੱਮ.ਐਸ.ਪੀ ਦੇ 19,435 ਕਰੋੜ ਰੁਪਏ ਦਾ ਭੁਗਤਾਨ ਕੀਤਾ ਗਿਆ ਹੈ।

56. ਮੇਰੀ ਸਰਕਾਰ ਨੇ ਸਾਲ 2022-23 ਵਿੱਚ ਪ੍ਰਦੇਸ਼ ਵਿੱਚ ਚਿੜੀਆਘਰਾਂ ਅਤੇ ਵਣ ਜੀਵਾਂ ਦੇ ਵਿਕਾਸ ਲਈ ਵੱਖ-ਵੱਖ ਸਕੀਮਾਂ ਅਧੀਨ 23.00 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਹੈ। ਇਨ੍ਹਾਂ ਸਕੀਮਾਂ ਤਹਿਤ ਜੰਗਲੀ ਜੀਵਾਂ ਦੀ ਸੰਭਾਲ, ਸੁਰੱਖਿਆ, ਆਵਾਸ ਸੁਧਾਰ ਅਤੇ ਰਾਜ ਵਿਚ ਚਿੜੀਆਘਰਾਂ ਦੇ ਨਵੀਨੀਕਰਨ ਲਈ ਵਿਕਾਸ ਕਾਰਜ ਕੀਤੇ ਗਏ।

57. ਮੇਰੀ ਸਰਕਾਰ ਵੱਲੋਂ ਰਾਜ ਵਿੱਚ ਵੱਖ-ਵੱਖ ਵਿਸ਼ੇਸ਼ ਵਿਕਾਸ ਅਥਾਰਟੀਜ਼ ਦੁਆਰਾ ਵੱਖ-ਵੱਖ ਖੇਤਰਾਂ ਵਿੱਚ ਪੰਜਾਬ ਈ.ਡਬਲਯੂ.ਐਸ ਹਾਊਸਿੰਗ ਪਾਲਿਸੀ ਦੇ ਅਧੀਨ ਲਗਭਗ 25,000 ਈ.ਡਬਲਯੂ.ਐਸ ਘਰਾਂ ਦਾ ਨਿਰਮਾਣ ਕਰਨ ਦਾ ਪ੍ਰਸਤਾਵ ਹੈ। ਉਸਾਰੇ ਗਏ ਘਰਾਂ ਨੂੰ ਸਮਾਜ ਦੇ ਆਰਥਿਕ ਰੂਪ ਤੋਂ ਕਮਜ਼ੋਰ ਵਰਗਾਂ ਨੂੰ ਮੁਹੱਈਆ ਕਰਵਾਇਆ ਜਾਵੇਗਾ।

58. ਵਿਕਾਸ ਅਧਿਕਾਰੀ ਦੇ ਪੱਧਰ 'ਤੇ ਭੂ-ਵਰਤੋਂ ਤਬਦੀਲੀ, ਪੂਰਨਤਾ-ਸਰਟੀਫਿਕੇਟ, ਲੇਅ-ਆਊਟ ਅਤੇ ਭਵਨ ਯੋਜਨਾ ਪ੍ਰਦਾਨ ਕਰਨ ਦੀ ਸ਼ਕਤੀ ਦਾ ਵਿਕੇਂਦਰੀਕਰਨ ਕੀਤਾ ਗਿਆ। ਨਿਸ਼ਚਿਤ ਸਮੇਂ ਦੀਆਂ ਸੀਮਾਵਾਂ ਦੇ ਅੰਦਰ ਮਾਮਲਿਆਂ ਦੇ ਤੁਰੰਤ ਹੱਲ ਲਈ, ਇਨ੍ਹਾਂ ਪ੍ਰਵਾਨਗੀਆਂ ਦੀ ਪ੍ਰਕਿਰਿਆ ਨੂੰ ਸਧਾਰਨ ਬਣਾਉਣ ਲਈ ਕਦਮ ਚੁੱਕੇ ਗਏ ਹਨ। ਆਰਥਿਕ ਵਿਕਾਸ ਦੇ ਉਦੇਸ਼ ਨਾਲ, ਭਵਨ ਨਿਰਮਾਣ ਯੋਜਨਾਵਾਂ ਦੀਆਂ ਪ੍ਰਵਾਨਗੀਆਂ ਅਤੇ ਸਟੈਂਡਅਲੋਨ ਉਦਯੋਗਾਂ ਨੂੰ ਪੂਰਨਤਾ ਸਰਟੀਫਿਕੇਟ ਦੇਣ ਦਾ ਅਧਿਕਾਰ ਡਾਇਰੈਕਟਰ ਫੈਕਟਰੀਜ਼ ਨੂੰ ਸੌਂਪ ਦਿੱਤਾ ਗਿਆ ਹੈ।

59. ਅੰਮ੍ਰਿਤਸਰ-ਕਲਕੱਤਾ ਉਦਯੋਗਿਕ ਕੋਰਿਡੋਰ ਪ੍ਰੋਜੈਕਟ ਅਧੀਨ ਰਾਜਪੁਰਾ ਵਿਖੇ ਇੰਟੇਗ੍ਰੇਟਿਡ ਮੈਨੂਫੇਕਚਰਿੰਗ ਕਲੱਸਟਰ ਦੀ ਸਥਾਪਨਾ ਲਈ ਪੁਡਾ ਨੇ ਪੰਚਾਇਤ ਵਿਭਾਗ ਤੋਂ ਲਗਭਗ 1100 ਏਕੜ ਜ਼ਮੀਨ ਖਰੀਦੀ ਹੈ। ਪ੍ਰੋਜੈਕਟ ਦੇ ਕਾਰਜਸ਼ੀਲ ਹੋਣ ਤੋਂ ਰਾਜ ਵਿੱਚ ਉਦਯੋਗਿਕ ਗਤੀਵਿਧੀਆਂ ਵਿੱਚ ਵਾਧਾ ਹੋਵੇਗਾ। ਗ੍ਰੇਟਰ ਮੋਹਾਲੀ ਏਰੀਆ ਡੇਵਲਪਮੈਂਟ ਅਥੌਰਿਟੀ (ਗਮਾਡਾ) ਨੇ ਮੋਹਾਲੀ ਵਿਚ ਇੰਟਰਨੈਸ਼ਨਲ ਏਅਰਪੋਰਟ ਕੋਲ ਲਗਭਗ 5500 ਏਕੜ ਦੇ ਖੇਤਰ ਵਿਚ ਵੱਖ-ਵੱਖ ਪੜਾਵਾਂ ਅਧੀਨ ਇਕ ਨਵੀਂ ਅਰਬਨ ਅਸਟੇਟ, ਏਅਰੋਟ੍ਰੋਪੋਲਿਸ ਵਿਕਸਿਤ ਕਰਨ ਦਾ ਫੈਸਲਾ ਕੀਤਾ ਹੈ। ਪਹਿਲੇ ਪੜਾਅ ਵਿੱਚ ਲਗਭਗ 1650 ਏਕੜ ਵਿਚ ਆਵਾਸ, ਵਪਾਰਕ ਅਤੇ ਸੰਸਥਾਗਤ ਆਦਿ ਪਲਾਟਾਂ ਨੂੰ ਵਿਕਾਸ ਲਈ ਤਿਆਰ ਕੀਤਾ ਗਿਆ ਹੈ। ਇਸ ਖੇਤਰ ਵਿੱਚ ਪੈਰੀਫਰਲ ਸੜਕਾਂ ਦੇ ਵਿਕਾਸ ਲਈ ਟੈਂਡਰ ਮੰਗੇ ਗਏ ਹਨ। ਨਿਊ ਚੰਡੀਗੜ੍ਹ ਵਿਖੇ ਲੋਅ/ਹਾਈ ਡੈਂਸਿਟੀ ਦੀ ਅਰਬਨ ਏਸਟੇਟ ਈਕੋ ਸਿਟੀ-3 ਦੀ ਸਥਾਪਨਾ ਲਈ ਜ਼ਮੀਨ ਹਾਸਲ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਚੁੱਕੀ ਹੈ। ਇਨ੍ਹਾਂ ਅਸਟੇਟਸ ਲਈ 1000 ਏਕੜ ਤੋਂ ਵੱਧ ਜ਼ਮੀਨ ਦੀ ਜ਼ਰੂਰਤ ਹੈ, ਇਹ ਸਾਲ 2024 ਦੇ ਮੱਧ ਤੱਕ ਪੂਰਾ ਹੋਣ ਦੀ ਸੰਭਾਵਨਾ ਹੈ।

60. ਮੇਰੀ ਸਰਕਾਰ ਨੇ 15 ਸਤੰਬਰ, 2022 ਨੂੰ ਪੰਜਾਬ ਦੇ 23 ਜੇਲ੍ਹਾਂ ਵਿੱਚ ਕੈਦੀਆਂ ਨਾਲ '***ਫੈਮਿਲੀ ਵਿਜ਼ਿਟ***' ਜਾਂ '***ਪਰਿਵਾਰਿਕ ਮੁਲਾਕਾਤਾਂ***' ਦੀ ਸ਼ੁਰੂਆਤ ਕੀਤੀ। ਹੁਣ ਇਸ ਨੂੰ ਸਾਰੀਆਂ 25 ਜੇਲ੍ਹਾਂ ਵਿੱਚ ਸ਼ੁਰੂ ਕੀਤਾ ਗਿਆ ਹੈ। '***ਫੈਮਿਲੀ ਵਿਜ਼ਿਟ***' ਜਾਂ '***ਪਰਿਵਾਰਿਕ ਮੁਲਾਕਾਤਾਂ***' ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੈਦੀ ਆਪਣੇ ਪਰਿਵਾਰਾਂ ਨਾਲ

ਸੰਪਰਕ ਬਣਾਏ ਰੱਖਣ ਅਤੇ ਉਨ੍ਹਾਂ ਨਾਲ ਜੁੜੇ ਰਹਿਣ। ਮਿਤੀ 26.02.2023 ਤੱਕ ਕੁੱਲ 9,633 ਪਰਿਵਾਰਾਂ ਦੀ ਮੁਲਾਕਾਤ ਹੋਈ ਹੈ। ਇਸ ਕਾਰਜ ਦੀ ਸ਼ੁਰੂਆਤ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਰਾਜ ਬਣ ਗਿਆ ।

61. ਮੇਰੀ ਸਰਕਾਰ ਨੇ ਪੰਜਾਬ ਸ਼ਾਪਜ਼ ਐਂਡ ਕਮਰਸ਼ੀਅਲ ਐਸਟੈਬਲਿਸ਼ਮੈਂਟ ਐਕਟ, 1958 ਦੀ ਧਾਰਾ 9 ਅਤੇ 10(1) ਦੇ ਤਹਿਤ ਦੁਕਾਨਾਂ ਅਤੇ ਹੋਰ ਵਪਾਰਕ ਅਦਾਰਿਆਂ ਨੂੰ ਛੋਟ ਦਿੱਤੀ ਹੈ। ਇਸ ਨਾਲ ਦੁਕਾਨਾਂ ਅਤੇ ਵਪਾਰਕ ਅਦਾਰੇ ਸਾਲ ਦੇ 365 ਦਿਨ ਅਤੇ ਦਿਨ ਦੇ 24 ਘੰਟੇ ਖੁੱਲ੍ਹ ਸਕਣਗੇ। ਇਸ ਨਾਲ ਨਾ ਸਿਰਫ਼ ਅਰਥਵਿਵਸਥਾ ਨੂੰ ਹੁਲਾਰਾ ਮਿਲੇਗਾ ਸਗੋਂ ਹੋਰ ਵੀ ਜ਼ਿਆਦਾ ਰੁਜ਼ਗਾਰ ਪੈਦਾ ਹੋਵੇਗਾ। ਪੰਜਾਬੀ ਭਾਸ਼ਾ ਨੂੰ ਪ੍ਰੋਤਸਾਹਿਤ ਕਰਨ ਲਈ , ਮੇਰੀ ਸਰਕਾਰ ਵੱਲੋਂ ਰਾਜ ਦੀਆਂ ਸਮੂਹ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਨੂੰ ਡਿਸਪਲੇਅ ਬੋਰਡਾਂ 'ਤੇ ਪੰਜਾਬੀ ਭਾਸ਼ਾ ਵਰਤਣ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ।

62. ਮੇਰੀ ਸਰਕਾਰ ਵੱਲੋਂ 2 ਸਾਲਾਂ ਬਾਅਦ ਘੱਟੋ-ਘੱਟ ਉਜਰਤਾਂ ਵਿਚ ਵਾਧਾ ਕੀਤਾ ਗਿਆ ਹੈ। ਇਕ ਗੈਰ-ਹੁਨਰਮੰਦ ਕਾਮੇ ਦੀ ਘੱਟੋ-ਘੱਟ ਉਜਰਤ ਵਿਚ 714.96 ਰੁਪਏ ਪ੍ਰਤੀ ਮਹੀਨਾ ਦਾ ਵਾਧਾ ਕਰਦੇ ਹੋਏ ਇਸ ਨੂੰ 9907.68 'ਤੇ ਨਿਰਧਾਰਤ ਕੀਤਾ ਗਿਆ ਹੈ। ਦਿਹਾੜੀਦਾਰ ਕਾਮਿਆਂ ਦੀ ਉਜਰਤ ਵਿਚ 27.50 ਰੁਪਏ ਪ੍ਰਤੀ ਦਿਨ ਦਾ ਵਾਧਾ ਕਰਦਿਆਂ ਇਸ ਨੂੰ 381.06 ਰੁਪਏ ਪ੍ਰਤੀ ਦਿਨ ਨਿਰਧਾਰਤ ਕੀਤਾ ਗਿਆ ਹੈ। ਇਸੇ ਤਰ੍ਹਾਂ ਇਕ ਖੇਤ ਮਜ਼ਦੂਰ ਦੀ ਉਜਰਤ ਵਿਚ ਵੀ 28.70 ਰੁਪਏ ਪ੍ਰਤੀ ਦਿਨ ਦਾ ਵਾਧਾ ਕਰਦਿਆਂ ਇਸ ਨੂੰ 397.46 ਰੁਪਏ ਪ੍ਰਤੀ ਦਿਨ 'ਤੇ ਨਿਰਧਾਰਤ ਕੀਤਾ ਗਿਆ ਹੈ।

63. ਰਾਜ ਦੀ ਮੌਜੂਦਾ ਨਵਿਆਉਣਯੋਗ ਊਰਜਾ ਸਥਾਪਿਤ ਸਮਰੱਥਾ 2227.12 ਮੈਗਾਵਾਟ ਹੈ ਜੋ ਕਿ ਰਾਜ ਦੀ ਕੁੱਲ ਸਥਾਪਿਤ ਸਮਰੱਥਾ ਦਾ ਲਗਭਗ 16% ਹੈ। ਸਵੱਛ ਊਰਜਾ ਸਰੋਤਾਂ ਲਈ ਰਾਸ਼ਟਰੀ ਏਜੰਡਾ ਦੇ ਅਨੁਸਾਰ ਸਾਲ 2030 ਤੱਕ ਨਵਿਆਉਣਯੋਗ ਊਰਜਾ ਨੂੰ ਸਥਾਪਿਤ ਸਮਰੱਥਾ ਦੇ 50% ਤੱਕ ਵਧਾਉਣ ਦੀ ਯੋਜਨਾ ਹੈ। ਰਾਜ ਕੰਪਰੈੱਸਡ ਬਾਇਓ ਗੈਸ (ਸੀਬੀਜੀ) ਪ੍ਰੋਜੈਕਟਾਂ ਦੇ ਵਿਕਾਸ ਲਈ ਪੂਰੇ ਜ਼ੋਰ ਨਾਲ ਅੱਗੇ ਵਧ ਰਿਹਾ ਹੈ, ਜੋ ਪ੍ਰਤੀ ਸਾਲ 16.54 ਮਿਲੀਅਨ ਟਨ ਵਾਧੂ ਝੋਨੇ ਦੀ ਪਰਾਲੀ ਦੀ ਵਰਤੋਂ ਕਰਦੇ ਹਨ। ਕੁੱਲ 2227.12 ਮੈਗਾਵਾਟ ਦੀ ਸਮਰੱਥਾ ਵਾਲੇ ਨਵਿਆਉਣਯੋਗ ਊਰਜਾ ਪ੍ਰੋਜੈਕਟਾਂ ਨੂੰ ਚਾਲੂ ਕੀਤਾ ਗਿਆ ਹੈ, ਜਿਸ ਵਿੱਚ 1493.95 ਮੈਗਾਵਾਟ ਸੋਲਰ ਪਾਵਰ ਪਲਾਂਟ, 462.07 ਮੈਗਾਵਾਟ ਕੋ-ਜਨਰੇਸ਼ਨ ਪਾਵਰ ਪਲਾਂਟ, 91.5 ਮੈਗਾਵਾਟ ਬਾਇਓਮਾਸ ਪਾਵਰ ਪ੍ਰੋਜੈਕਟ, 175.35 ਮੈਗਾਵਾਟ ਦੇ ਮਿੰਨੀ ਹਾਈਡਲ ਪ੍ਰੋਜੈਕਟ ਅਤੇ 1.5 ਮੈਗਾਵਾਟ ਵੇਸਟ-ਟੂ-ਐਨਰਜੀ ਪ੍ਰੋਜੈਕਟ ਸ਼ਾਮਲ ਹਨ। ਇਸ ਦੇ ਨਾਲ ਹੀ, ਪ੍ਰਤੀ ਦਿਨ 495.58 ਟਨ ਦੀ ਕੁੱਲ ਸਮਰੱਥਾ ਵਾਲੇ 43 ਸੀਬੀਜੀ ਪ੍ਰੋਜੈਕਟ ਅਲਾਟ ਕੀਤੇ ਗਏ ਹਨ। ਖੇਤੀਬਾੜੀ ਖੇਤਰ ਵਿੱਚ 15,820 ਸੋਲਰ ਪੰਪ, ਪੇਂਡੂ ਸੁਰੱਖਿਆ ਲਈ 1,03,329 ਸੋਲਰ ਸਟਰੀਟ ਲਾਈਟਾਂ ਅਤੇ 1,78,000 ਪਰਿਵਾਰਕ ਆਕਾਰ ਦੇ ਬਾਇਓ ਗੈਸ ਪਲਾਂਟ ਸਥਾਪਤ ਕੀਤੇ ਗਏ ਹਨ।

64. ਪੰਜਾਬ ਰਾਜ ਵਿੱਚ ਸੈਰ ਸਪਾਟਾ ਸਰਕਟ ਨੂੰ ਉਤਸ਼ਾਹਿਤ ਕਰਨ ਲਈ ਸਵਦੇਸ਼ ਦਰਸ਼ਨ ਸਕੀਮ ਦੇ ਹੈਰੀਟੇਜ ਸਰਕਟ ਥੀਮ ਤਹਿਤ 91.55 ਕਰੋੜ ਰੁਪਏ ਦੇ 39 ਪ੍ਰੋਜੈਕਟਾਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਪ੍ਰਸਾਦ ਸਕੀਮ ਤਹਿਤ ਚਮਕੌਰ ਸਾਹਿਬ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਲਈ 32 ਕਰੋੜ ਰੁਪਏ ਦੇ ਪ੍ਰੋਜੈਕਟ ਲਾਏ ਗਏ। ਐਂਗਲੋ-ਸਿੱਖ ਵਾਰ ਸਰਕਟ ਦੇ ਵਿਕਾਸ ਸਮੇਤ ਵੱਖ-ਵੱਖ ਸਮਾਰਕਾਂ ਅਤੇ ਵਿਰਾਸਤੀ ਸੰਪਤੀਆਂ ਦੇ ਮੁਰੰਮਤ ਅਤੇ ਸੰਭਾਲ ਨਾਲ ਸਬੰਧਤ 25 ਮਹੱਤਵਪੂਰਨ ਪ੍ਰੋਜੈਕਟਾਂ ਲਈ 50.00 ਕਰੋੜ ਰੁਪਏ ਵੀ ਜਾਰੀ ਕੀਤੇ ਗਏ ਹਨ।

65. ਮੈਨੂੰ ਇਹ ਐਲਾਨ ਕਰਦਿਆਂ ਖੁਸ਼ੀ ਹੋ ਰਹੀ ਹੈ ਕਿ ਪੰਜਾਬ ਸਾਰੇ 34.26 ਲੱਖ ਪੇਂਡੂ ਪਰਿਵਾਰਾਂ ਨੂੰ ਪਾਈਪ ਰਾਹੀਂ ਪੀਣ ਵਾਲੇ ਪਾਣੀ ਦੀ ਸਪਲਾਈ ਦੀ 100% ਕਵਰੇਜ ਪ੍ਰਾਪਤ ਕਰਨ ਵਾਲਾ ਦੇਸ਼ ਦਾ 5ਵਾਂ ਰਾਜ ਬਣ ਗਿਆ ਹੈ। ਮੇਰੀ ਸਰਕਾਰ ਨੇ ਖਾਸ ਤੌਰ 'ਤੇ ਰਾਜ ਦੇ ਪਾਣੀ ਦੀ ਗੁਣਵੱਤਾ ਪ੍ਰਭਾਵਿਤ ਅਤੇ ਪਾਣੀ ਦੇ ਘਾਟ ਵਾਲੇ ਖੇਤਰਾਂ ਵਿੱਚ ਜ਼ਮੀਨੀ ਪਾਣੀ 'ਤੇ ਆਧਾਰਿਤ ਜਲ ਸਪਲਾਈ ਸਕੀਮਾਂ ਨੂੰ ਸਤਹੀ ਪਾਣੀ 'ਤੇ ਆਧਾਰਿਤ ਸਕੀਮਾਂ ਦੀ ਨੀਤੀ ਵਿਚ ਬਦਲਾਅ ਲਿਆਂਦਾ ਹੈ। ਇਹ ਬਹੁਤ ਸਾਰੇ ਜ਼ਿਲ੍ਹਿਆਂ ਵਿੱਚ ਤੇਜ਼ੀ ਨਾਲ ਡਿੱਗ ਰਹੇ ਪਾਣੀ ਦੇ ਪੱਧਰ ਨੂੰ ਰੋਕਣ ਅਤੇ ਰਾਜ ਦੇ ਕੁਝ ਹਿੱਸਿਆਂ ਵਿੱਚ ਧਰਤੀ ਹੇਠਲੇ ਪਾਣੀ ਵਿੱਚ ਆਰਸੈਨਿਕ, ਫਲੋਰਾਈਡ ਆਦਿ ਵਰਗੀਆਂ ਭਾਰੀ ਧਾਤਾਂ ਦੀ ਮੌਜੂਦਗੀ ਨੂੰ ਘੱਟ ਕਰਨ ਲਈ ਹੈ। ਪਾਣੀ ਦੀ ਗੁਣਵੱਤਾ ਅਤੇ ਪਾਣੀ ਦੀ ਘਾਟ ਦੇ ਮੁੱਦਿਆਂ ਨੂੰ ਹੱਲ ਕਰਨ ਲਈ 2,091 ਕਰੋੜ ਰੁਪਏ ਦੀ ਲਾਗਤ ਵਾਲੀਆਂ 15 ਵੱਡੀਆਂ ਬਹੁ-ਪਿੰਡ ਸਤਹੀ

ਜਲ ਸਪਲਾਈ ਸਕੀਮਾਂ ਸਤੰਬਰ, 2024 ਤੱਕ 1721 ਪਿੰਡਾਂ ਨੂੰ ਕਵਰ ਕਰਨਗੀਆਂ। ਆਈ.ਆਈ.ਟੀ. ਮਦਰਾਸ ਤੋਂ ਸੋਖਣ ਤਕਨਾਲੋਜੀ 'ਤੇ ਆਧਾਰਿਤ ਇਨ-ਲਾਈਨ ਆਰਸੈਨਿਕ ਅਤੇ ਆਇਰਨ ਰਿਮੂਵਲ ਪਲਾਂਟ 195 ਪਿੰਡਾਂ ਵਿੱਚ ਲਗਾਏ ਗਏ ਹਨ ਅਤੇ 40 ਪਿੰਡਾਂ ਵਿੱਚ ਲਗਾਏ ਜਾ ਰਹੇ ਹਨ।

66. ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ (ਪੀ.ਐਮ.ਜੀ.ਐਸ.ਵਾਈ -III) ਦੇ ਤਹਿਤ, ਵਿੱਤੀ ਸਾਲ 2022-23 ਦੌਰਾਨ ਚੱਲ ਰਹੇ ਅਤੇ ਮੁਕੰਮਲ ਕੀਤੇ ਕੰਮਾਂ 'ਤੇ 411.78 ਕਰੋੜ ਰੁਪਏ ਖਰਚ ਕੀਤੇ ਗਏ ਹਨ। 365 ਕਿਲੋਮੀਟਰ ਲੰਬਾਈ ਦੀਆਂ ਪੇਂਡੂ ਸੜਕਾਂ ਨੂੰ ਅਪਗ੍ਰੇਡ ਕੀਤਾ ਗਿਆ ਹੈ। ਨਾਬਾਰਡ ਦੇ ਤਹਿਤ, ਵਿੱਤੀ ਸਾਲ 2022-23 ਵਿੱਚ, 218 ਕਿਲੋਮੀਟਰ ਸੜਕਾਂ ਅਤੇ 3 ਪੁਲ ਮੁਕੰਮਲ ਕੀਤੇ ਗਏ ਹਨ। ਵਿੱਤੀ ਸਾਲ 2022-23 ਵਿੱਚ, 161 ਕਿਲੋਮੀਟਰ ਪਲਾਨਡ ਸੜਕਾਂ ਨੂੰ ਪੂਰਾ ਕੀਤਾ ਗਿਆ ਹੈ ਅਤੇ ਇਨ੍ਹਾਂ ਮੁਕੰਮਲ ਅਤੇ ਚੱਲ ਰਹੇ ਕੰਮਾਂ 'ਤੇ 75.96 ਕਰੋੜ ਰੁਪਏ ਖਰਚ ਕੀਤੇ ਗਏ ਹਨ।

67. ਮੇਰੀ ਸਰਕਾਰ ਨੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੋਂ ਦਿੱਲੀ ਹਵਾਈ ਅੱਡੇ ਤੱਕ ਵਾਜਬ ਕੀਮਤਾਂ 'ਤੇ ਲਗਜ਼ਰੀ ਬੱਸ ਸੇਵਾ ਸ਼ੁਰੂ ਕੀਤੀ ਹੈ। ਰੀਅਲ ਟਾਈਮ ਵਿੱਚ ਆੱਨਲਾਈਨ ਸੇਵਾਵਾਂ ਪ੍ਰਦਾਨ ਕਰਦੇ ਹੋਏ ਹੁਣ ਲਰਨਿੰਗ ਡਰਾਈਵਿੰਗ ਲਾਇਸੈਂਸ ਆੱਨਲਾਈਨ ਪ੍ਰਾਪਤ ਕੀਤਾ ਜਾ ਸਕਦਾ ਹੈ। ਇਸੇ ਤਰ੍ਹਾਂ, ਗੈਰ-ਵਪਾਰਕ ਵਾਹਨਾਂ ਦੇ ਸਬੰਧ ਵਿੱਚ ਰਜਿਸਟ੍ਰੇਸ਼ਨ

ਸਰਟੀਫਿਕੇਟ ਡੀਲਰਾਂ ਵੱਲੋਂ ਮੁਹੱਈਆ ਕਰਵਾਏ ਜਾ ਰਹੇ ਹਨ, ਜਿਸ ਨਾਲ ਦੇਰੀ ਅਤੇ ਬੇਲੋੜੀ ਪਰੇਸ਼ਾਨੀਆਂ ਨੂੰ ਘੱਟ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ, ਪ੍ਰਦੂਸ਼ਣ ਰਹਿਤ ਸਫਰ ਲਈ, ਰਾਜ ਸਰਕਾਰ ਨੇ ਇੱਕ ਇਲੈਕਟ੍ਰਿਕ ਵਹੀਕਲ ਨੀਤੀ ਬਣਾਈ ਹੈ ਜੋ ਰਾਜ ਵਿੱਚ ਈਵੀ ਉਦਯੋਗ ਦੇ ਵਿਕਾਸ ਲਈ ਇੱਕ ਅਨੁਕੂਲ ਮਾਹੌਲ ਪ੍ਰਦਾਨ ਕਰੇਗੀ।

68. ਮੇਰੀ ਸਰਕਾਰ ਨੇ ਆਮ ਜਨਤਾ ਤੱਕ ਪਹੁੰਚਣ ਲਈ ਇੱਕ ਨਵੀਂ ਪਹਿਲ ਕੀਤੀ ਹੈ। ਇਸ ਪ੍ਰੋਗਰਾਮ ਦੇ ਤਹਿਤ, ਜ਼ਿਲ੍ਹਾ ਪੱਧਰੀ ਅਧਿਕਾਰੀ ਜਿਵੇਂ ਕਿ ਡਿਪਟੀ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ (ਜਨਰਲ ਅਤੇ ਵਿਕਾਸ), ਮਿਊਂਸਪਲ ਕਮਿਸ਼ਨਰ, ਉਪ ਮੰਡਲ ਮੈਜਿਸਟ੍ਰੇਟ, ਤਹਿਸੀਲਦਾਰ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਆਦਿ ਆਪਣੇ ਅਧਿਕਾਰ ਖੇਤਰ ਅਧੀਨ ਆਉਂਦੇ ਇਲਾਕਿਆਂ ਦਾ ਦੌਰਾ ਕਰਦੇ ਹਨ ਅਤੇ ਆਮ ਲੋਕਾਂ ਦੀਆਂ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰ ਰਹੇ ਹਨ। ਸਰਹੱਦੀ ਖੇਤਰਾਂ ਵਿੱਚ ਸੰਪੂਰਨ ਸਰਹੱਦੀ ਖੇਤਰ ਵਿਕਾਸ ਕੈਂਪ ਅਤੇ ਜਨ ਸੁਣਵਾਈ ਕੈਂਪ ਲਗਾਏ ਜਾ ਰਹੇ ਹਨ ਜਿੱਥੇ ਆਮ ਲੋਕਾਂ ਨੂੰ ਸਰਕਾਰੀ ਸਕੀਮਾਂ ਅਤੇ ਪ੍ਰੋਗਰਾਮਾਂ ਦਾ ਲਾਭ ਮਿਲ ਰਿਹਾ ਹੈ।

ਸਮਾਪਤ ਕਰਨ ਤੋਂ ਪਹਿਲਾਂ, ਮੈਂ ਸਾਰੇ ਮਾਨਯੋਗ ਮੈਂਬਰਾਂ ਦੀ ਸ਼ਲਾਘਾ ਕਰਦਾ ਹਾਂ ਜਿਨ੍ਹਾਂ ਨੇ ਇਸ ਅਜ਼ੀਮ ਸਦਨ ਦੀ ਕਾਰਵਾਈ ਵਿੱਚ ਸਰਗਰਮੀ ਨਾਲ ਸ਼ਿਰਕਤ ਕੀਤੀ। ਮੈਨੂੰ ਭਰੋਸਾ ਹੈ ਕਿ ਤੁਸੀਂ ਸਾਰੇ ਪੰਜਾਬ ਅਤੇ ਇਸ ਦੇ ਲੋਕਾਂ ਦੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਸੇਵਾ ਕਰੋਗੇ ਅਤੇ ਸੂਬੇ ਨੂੰ ਵਿਕਾਸ ਦੇ ਰਾਹ 'ਤੇ ਅੱਗੇ ਤੋਰਨ ਅਤੇ ਭ੍ਰਿਸ਼ਟਾਚਾਰ ਮੁਕਤ ਬਣਾਉਣ ਲਈ

ਮੇਰੀ ਸਰਕਾਰ ਦੇ ਯਤਨਾਂ ਵਿੱਚ ਆਪਣਾ ਸਹਿਯੋਗ ਪਾਓਗੇ। ਮੈਂ ਤੁਹਾਡੇ ਵਿਚਾਰ-ਵਟਾਂਦਰੇ ਵਿੱਚ ਸਫਲਤਾ ਦੀ ਕਾਮਨਾ ਕਰਦਾ ਹਾਂ ਅਤੇ ਮੈਨੂੰ ਆਸ ਹੈ ਕਿ ਅਸੀਂ ਸਾਰੇ ਮਿਲ ਕੇ 'ਰੰਗਲਾ ਪੰਜਾਬ' ਦੀ ਮੁੜ ਸਥਾਪਨਾ ਲਈ ਕਦਮ ਨਾਲ ਕਦਮ ਮਿਲਾ ਕੇ ਚੱਲਾਂਗੇ।

**ਜੈ ਹਿੰਦ**